ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 9 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੨੭ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਆਪ ਉਮੀਦਵਾਰ ਸੰਜੀਵ ਅਰੋੜਾ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਨਹੀਂ ਜਾਣਦੇ ?

ਲੁਧਿਆਣਾ, 8 ਜੂਨ (ਆਵਾਜ਼ਿ ਕੌਮ ਬਿਊਰੋ)– ਲੁਧਿਆਣਾ ਜ਼ਿਮਨੀ ਚੋਣ ਦਾ ਮਾਹੌਲ ਗਰਮਾ ਗਿਆ ਹੈ। ਆਮ ਆਦਮੀ ਪਾਰਟੀ ਤੇ ਕਾਂਗਰਸ ਵਿਚਾਲੇ ਸਿੱਧੀ ਟੱਕਰ ਨਜ਼ਰ ਆ ਰਹੀ ਹੈ। ਇਸ ਦੌਰਾਨ ਹੀ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੀ ਵੀਡੀਓ ਵਾਇਰਲ ਹੋ ਰਹੀ ਹੈ।



ਇਸ ਵੀਡੀਓ ਵਿੱਚ ਉਹ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਪੂਰਾ ਨਾ ਭੁੱਲਦੇ ਨਜ਼ਰ ਆ ਰਹੇ ਹਨ। ਸਿਆਸੀ ਪਾਰਟੀਆਂ ਨੇ ਸਵਾਲ ਉਠਾਏ ਹਨ ਕਿ ਕ੍ਰਾਂਤੀਕਾਰੀ ਕਹਾਉਣ ਵਾਲੀ ਪਾਰਟੀ ਦੇ ਉਮੀਦਵਾਰ ਨੂੰ ਸ਼ਹੀਦ ਦਾ ਨਾਂ ਹੀ ਯਾਦ ਨਹੀਂ। ਕਾਂਗਰਸ ਦੇ ਵਿਧਾਇਕ ਪਰਗਟ ਸਿੰਘ ਨੇ ਵੀਡੀਓ ਸ਼ੇਅਰ ਕਰਕੇ ਲਿਖਿਆ ਹੈ ਕਿ ਆਮ ਆਦਮੀ ਪਾਰਟੀ ਦੇ ਪੈਰਾਸ਼ੂਟ ਉਮੀਦਵਾਰ ਨੂੰ ਨਾ ਸਾਡੇ ਸ਼ਹੀਦਾਂ ਦੇ ਨਾਵਾਂ ਬਾਰੇ ਪਤਾ, ਨਾ ਹੀ ਲੁਧਿਆਣਾ ਪੱਛਮੀ ਦੇ ਨਗਰਾਂ ਦੀ ਜਾਣਕਾਰੀ! ਜਿਨ੍ਹਾਂ ਨੇ ਰਾਜ ਸਭਾ ਵਿੱਚ ਪੰਜਾਬ ਦੀ ਆਵਾਜ਼ ਨਹੀਂ ਬੁਲੰਦ ਕੀਤੀ, ਉਹ ਵਿਧਾਇਕ ਬਣਕੇ ਲੋਕਾਂ ਦੀ ਕਿਹੜੀ ਹਮਾਇਤ ਕਰਨਗੇ? ਅਕਾਲੀ ਦਲ ਦੇ ਸੀਨੀਅਰ ਲੀਡਰ ਬਿਕਰਮ ਮਜੀਠੀਆ ਨੇ ਵੀਡੀਓ ਸ਼ੇਅਰ ਕਰਕੇ ਲਿਖਿਆ ਹੈ ਕਿ ਸ਼ਹੀਦਾਂ ਦੇ ਵਾਰਸ ਕਹਾਉਣ ਵਾਲੀ ਝੂਠੀ ਇਨਕਲਾਬੀ ਪਾਰਟੀ ਦੇ ਨੁਮਾਇੰਦੇ ਤੇ ਰਾਜ ਸਭਾ ਵਿੱਚ ਬਤੌਰ ਸਾਂਸਦ ਪੰਜਾਬ ਦੀ ਪ੍ਰਤੀਨਿਧਤਾ ਕਰਨ ਵਾਲੇ ਸੰਜੀਵ ਅਰੋੜਾ ਜੀ ਭਾਰਤ ਦੀ ਆਜ਼ਾਦੀ ਦੇ ਸਭ ਤੋਂ ਛੋਟੀ ਉਮਰ ਦੇ ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦਾ ਨਾਮ ਵੀ ਯਾਦ ਨਹੀਂ।

## ਲਾਰੈਂਸ ਬਿਸ਼ਨੋਈ ਦਾ ਗੈਂਗ ਹੋਇਆ ਦੋ ਫਾੜ

# ਗੋਲਡੀ ਬਰਾੜ ਤੇ ਰੋਹਿਤ ਗੋਦਾਰਾ ਨੇ ਛੱਡਿਆ ਸਾਥ

### ---: ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ :---

ਦੇਸ਼–ਵਿਦੇਸ਼ ਵਿੱਚ ਆਪਣਾ ਨੈੱਟਵਰਕ ਚਲਾਉਣ ਵਾਲੇ ਗੈਂਗਸਟਰ ਲਾਰੈਂਸ ਬਿਸ਼ਨੋਈ ਦਾ ਗੈਂਗ ਦੋ ਫਾੜ ਹੋ ਗਿਆ ਹੈ। ਕੈਨੇਡਾ ਵਿੱਚ ਲੁਕੇ ਗੈਂਗਸਟਰ ਗੋਲਡੀ ਬਰਾੜ ਨੇ ਲਾਰੈਂਸ ਦਾ ਸਾਥ ਛੱਡ ਦਿੱਤਾ ਹੈ। ਉਸ ਨੇ ਗੈਂਗਸਟਰ




ਰੋਹਿਤ ਗੋਦਾਰਾ ਨਾਲ ਮਿਲ ਕੇ ਆਪਣਾ ਵੱਖਰਾ ਗੈਂਗ ਬਣਾ ਲਿਆ ਹੈ। ਇਨ੍ਹਾਂ ਗੈਂਗਸਟਰਾਂ ਨੇ ਇਕੱਠੇ ਮਿਲ ਕੇ ਸਲਮਾਨ ਖਾਨ ਦੇ ਘਰ ’ਤੇ ਫਾਇਰਿੰਗ, ਸਿੱਧੂ ਮੂਸੇਵਾਲਾ ਦਾ ਕਤਲ, ਬਾਬਾ ਸਿੱਦੀਕੀ ਦਾ ਕਤਲ ਵਰਗੇ ਮਸ਼ਹੂਰ ਅਪਰਾਧ ਕੀਤੇ ਸਨ। ਸੂਤਰਾਂ ਅਨੁਸਾਰ ਇੱਕ ਪਾਸੇ ਗੈਂਗਸਟਰ ਲਾਰੈਂਸ ਤੇ ਉਸ ਦਾ ਭਰਾ ਅਨਮੋਲ ਬਿਸ਼ਨੋਈ ਹਨ, ਜੋ ਗੁਜਰਾਤ ਦੀ ਸਾਬਰਮਤੀ ਜੇਲ੍ਹ ਵਿੱਚ ਬੰਦ ਹਨ। ਦੂਜੇ ਪਾਸੇ ਕੈਨੇਡਾ ਵਿੱਚ ਬੈਠੇ ਗੈਂਗਸਟਰ ਗੋਲਡੀ ਬਰਾੜ ਤੇ ਰੋਹਿਤ ਗੋਦਾਰਾ ਹਨ। ਹਾਲਾਂਕਿ ਇਸ ਬਾਰੇ ਦੋਵਾਂ ਧੜਿਆਂ ਤੋਂ ਕੋਈ ਅਧਿਕਾਰਤ ਪੁਸ਼ਟੀ ਨਹੀਂ ਹੋਈ ਪਰ ਕੁਝ ਹਾਲੀਆ ਘਟਨਾਵਾਂ ਇਸ ਵੱਲ ਇਸ਼ਾਰਾ ਕਰਦੀਆਂ ਹਨ। ਸੂਤਰਾਂ ਮੁਤਾਬਕ ਦੋਵਾਂ ਦੀ ਵਿਚਾਰਧਾਰਾ ਹੀ ਗੈਂਗ ਦੇ ਟੁੱਟਣ ਦਾ ਕਾਰਨ ਬਣੀ ਹੈ। ਲਾਰੈਂਸ ਭਾਰਤ ਵਿੱਚ ਆਪਣੇ ਆਪ ਨੂੰ ਇੱਕ ਹਿੰਦੂ ਗੈਂਗਸਟਰ ਵਜੋਂ ਪੇਸ਼ ਕਰਦਾ ਹੈ। ਜਦੋਂਕਿ ਗੋਲਡੀ ਬਰਾੜ ਦੇ ਖਾਲਿਸਤਾਨੀਆਂ ਨਾਲ ਵੀ ਸਬੰਧ ਹਨ। ਪੰਜਾਬ ਪੁਲਿਸ ਦੀ ਜਾਂਚ ਵਿੱਚ ਕਈ ਵਾਰ ਇਹ ਗੱਲ ਸਾਹਮਣੇ ਆਈ ਹੈ ਕਿ ਗੋਲਡੀ ਬਰਾੜ ਖਾਲਿਸਤਾਨੀਆਂ ਦੇ ਸੰਪਰਕ ਵਿੱਚ ਹੈ। ਸੂਤਰਾਂ ਅਨੁਸਾਰ ਉੱਤਰਾਖੰਡ ਦੇ ਕਾਰੋਬਾਰੀ ਹਰਜੀਤ ਸਿੰਘ ਢੱਡਾ ਨੂੰ ਕੈਨੇਡਾ ਦੇ ਮਿਸੀਸਾਗਾ ਸ਼ਹਿਰ ਵਿੱਚ ਗੋਲੀ ਮਾਰ ਕੇ ਮਾਰ ਦਿੱਤਾ ਗਿਆ। ਰੋਹਿਤ ਗੋਦਾਰਾ ਤੇ ਗੋਲਡੀ ਬਰਾੜ ਨੇ ਉਸ ਕਤਲ ਦੀ ਜ਼ਿੰਮੇਵਾਰੀ ਲਈ। ਇਹ ਪਹਿਲੀ ਵਾਰ ਸੀ ਜਦੋਂ ਲਾਰੈਂਸ ਗੈਂਗ ਨਾਲ ਜੁੜੇ ਦੋਵਾਂ ਗੈਂਗਸਟਰਾਂ ਨੇ ਉਕਤ ਪੋਸਟ ’ਤੇ ਲਾਰੈਂਸ ਬਿਸ਼ਨੋਈ ਦਾ ਨਾਮ ਨਹੀਂ ਲਿਖਿਆ। ਸੂਤਰਾਂ ਦਾ ਕਹਿਣਾ ਹੈ ਕਿ ਪਿਛਲੇ 2 ਮਹੀਨਿਆਂ ਤੋਂ ਦੋਵਾਂ ਵਿਚਕਾਰ ਕੁਝ ਤਣਾਅ ਚੱਲ ਰਿਹਾ ਹੈ। ਗੋਲਡੀ ਬਰਾੜ ਤੇ ਰੋਹਿਤ ਗੋਦਾਰਾ ਉਹੀ ਗੈਂਗਸਟਰ ਹਨ ਜਿਨ੍ਹਾਂ ਨੇ ਵਿਦੇਸ਼ਾਂ ਵਿੱਚ ਰਹਿੰਦਿਆਂ ਲਾਰੈਂਸ ਦੇ ਨਿਰਦੇਸ਼ਾਂ ’ਤੇ ਪੰਜਾਬ, ਹਰਿਆਣਾ, ਰਾਜਸਥਾਨ, ਮਹਾਰਾਸ਼ਟਰ, ਚੰਡੀਗੜ੍ਹ, ਦਿੱਲੀ ਤੇ ਹੋਰ ਰਾਜਾਂ ਵਿੱਚ ਕਈ ਅਪਰਾਧ ਕੀਤੇ ਹਨ। ਇਨ੍ਹਾਂ ਵਿੱਚ ਕਤਲ, ਕਤਲ ਦੀ ਕੋਸ਼ਿਸ਼, ਫਿਰੌਤੀ ਤੇ ਹੋਰ ਕਈ ਮਾਮਲੇ ਸ਼ਾਮਲ ਹਨ। ਭਾਰਤ ਵਿੱਚ ਹੀ ਨਹੀਂ, ਸਗੋਂ ਬਰਾੜ ਤੇ ਗੋਦਾਰਾ ਨੇ ਮਿਲ ਕੇ ਕੈਨੇਡਾ, ਅਮਰੀਕਾ, ਯੂਕੇ, ਯੂਰਪ ਵਿੱਚ ਲਾਰੈਂਸ ਦੇ ਗੈਂਗ ਵਿਰੋਧੀਆਂ ਦੀ ਟਾਰਗੇਟ ਕਿਲਿੰਗ ਕੀਤੀ। ਇਸ ਵਿੱਚ ਸਭ ਤੋਂ ਵੱਡਾ ਨਾਮ ਸੁੱਖਾ ਦੁਨੀਕੇ ਹੈ, ਜੋ ਖਾਲਿਸਤਾਨੀ ਪੱਖੀ ਅਰਸ਼ ਡੱਲਾ ਦਾ ਖਾਸ ਬੰਦਾ ਸੀ।

## ਵਾਰ-ਵਾਰ ਰਿਜੈਕਟ ਹੋਇਆ ਕੈਨੇਡਾ ਦਾ ਵੀਜ਼ਾ ਤਾਂ ਨੌਜਵਾਨ ਨੇ ਆਪਣੇ ਆਪ ਨੂੰ ਗੋਲੀ ਮਾਰਕੇ ਆਤਮਲੀਲਾ ਕੀਤੀ ਖਤਮ

ਧਨੌਲਾ, 8 ਜੂਨ (ਆਵਾਜ਼ਿ ਕੌਮ ਬਿਊਰੋ)– ਸਬ ਡਵੀਜ਼ਨ ਤਪਾ ਦੇ ਪਿੰਡ ਸੁਖਪੁਰਾ ’ਚ 20 ਸਾਲਾ ਨੌਜਵਾਨ ਦਿਲਪ੍ਰੀਤ ਸਿੰਘ ਨੇ ਆਪਣੇ ਆਪ ਨੂੰ ਗੋਲੀ ਮਾਰ ਕੇ ਆਤਮਹੱਤਿਆ ਕਰ ਲਈ ਉਹ ਕੈਨੇਡਾ ਜਾਣਾ ਚਾਹੁੰਦਾ ਸੀ, ਪਰ ਉਸ ਦੀ ਫਾਈਲ ਵਾਰ–ਵਾਰ ਰਿਜੈਕਟ ਹੋ ਰਹੀ ਸੀ, ਜਿਸ ਕਾਰਨ ਬਹੁਤ ਪਰੇਸ਼ਾਨ ਸੀ। ਇਕਲੌਤੇ ਪੁੱਤਰ ਦੀ ਮੌਤ ਤੋਂ ਬਾਅਦ ਪਰਿਵਾਰ ’ਚ ਸੋਗ ਦੀ ਲੈਅ ਦੌੜ ਗਈ। ਸਬ ਡਵੀਜ਼ਨ ਤਪਾ ਦੇ ਉਪ ਕਪਤਾਨ ਗੁਰਬਿੰਦਰ ਸਿੰਘ ਨੇ ਦੱਸਿਆ ਕਿ ਥਾਣਾ ਸ਼ਿਹਣਾ ਦੀ ਪੁਲਿਸ ਨੇ ਆਤਮਹੱਤਿਆ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਥਾਣਾ ਸ਼ਿਹਣਾ ਦੇ ਇੰਸਪੈਕਟਰ ਗੁਰਮੰਦਰ ਸਿੰਘ ਨੇ ਦੱਸਿਆ ਕਿ ਪਿੰਡ ਸੁਖਪੁਰਾ ਮੌੜ ’ਚ ਸਵੇਰੇ 20 ਸਾਲਾ ਦਿਲਪ੍ਰੀਤ ਸਿੰਘ ਉਰਫ ਲਵਪ੍ਰੀਤ ਪੁੱਤਰ ਅਜੈਬ ਸਿੰਘ ਨੇ ਘਰ ਦੇ ਕਮਰੇ ’ਚ ਆਪਣੇ ਤਾਏ ਦੀ ਲਾਇਸੈਂਸੀ ਰਾਈਫਲ ਨਾਲ ਗੋਲੀ ਮਾਰ ਕੇ ਆਤਮਹੱਤਿਆ ਕਰ ਲਈ ਪੜ੍ਹਾਈ ਤੋਂ ਬਾਅਦ ਕਈ ਵਾਰੀ ਕੈਨੇਡਾ ਜਾਣ ਦੀ ਕੋਸ਼ਿਸ਼ ਕੀਤੀ ਪਰ ਫਾਈਲ ਵਾਰ–ਵਾਰ ਰੱਦ ਹੋਣ ਕਾਰਨ ਉਹ ਕੈਨੇਡਾ ਨਹੀਂ ਜਾ ਸਕਿਆ, ਜਿਸ ਕਾਰਨ ਉਹ ਬਹੁਤ ਪਰੇਸ਼ਾਨ ਹੋ ਗਿਆ ਸੀ। ਇਸੇ ਪਰੇਸ਼ਾਨੀ ਦੇ ਚੱਲਦੇ ਉਸ ਨੇ ਅੱਜ ਸਵੇਰੇ ਆਪਣੇ ਆਪ ਨੂੰ ਘਰ ’ਚ ਪਈ ਲਾਇਸੈਂਸੀ ਰਾਈਫਲ ਨਾਲ ਆਤਮਹੱਤਿਆ ਕਰ ਲਈ। ਦਿਲਪ੍ਰੀਤ ਆਪਣੇ ਪਰਿਵਾਰ ਅਤੇ ਮਾਤਾ–ਪਿਤਾ ਦਾ ਇਕਲੌਤਾ ਪੁੱਤਰ ਸੀ ਉਸ ਦੀ ਭੈਣ ਕੈਨੇਡਾ ਰਹਿੰਦੀ ਹੈ। ਕੈਨੇਡਾ ਜਾਣ ਦੀ ਆਸ ’ਚ ਦਿਲਪ੍ਰੀਤ ਸਿੰਘ ਮਨਸਿਕ ਤੌਰ ’ਤੇ ਇੰਨਾ ਪਰੇਸ਼ਾਨ ਹੋ ਗਿਆ ਸੀ ਕਿ ਉਸ ਨੇ ਆਤਮਹੱਤਿਆ ਕਰ ਲਈ।



ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਦੇ ਲੱਖਾਂ ਵਿਦਿਆਰਥੀਆਂ ਲਈ ਖੁਸ਼ਖਬਰੀ

# ਹੁਣ ਪੰਜਾਬ ਦੇ ਸਰਕਾਰੀ ਸਕੂਲਾਂ ’ਚ ਲਾਗੂ ਹੋਇਆ 5+3+3+4 ਮਾਡਲ

ਚੰਡੀਗੜ੍ਹ, 8 ਜੂਨ (ਆਵਾਜ਼ਿ ਕੌਮ ਬਿਊਰੋ)–ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਲਈ ਵੱਡੀ ਖੁਸ਼ਖਬਰੀ ਆਈ ਹੈ। ਜਾਣਕਾਰੀ ਮੁਤਾਬਕ, ਪੰਜਾਬ ਸਰਕਾਰ ਨੇ 5+3+3+4 ਮਾਡਲ ਨੂੰ ਲਾਗੂ ਕਰ ਦਿੱਤਾ ਹੈ। ਹੁਣ ਪੰਜਾਬ ਦੇ ਬੱਚੇ 10+2 ਦੇ



ਪੁਰਾਣੇ ਮਾਡਲ ਦੀ ਥਾਂ ’ਤੇ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਤਹਿਤ ਜਾਰੀ ਕੀਤੇ ਗਏ ਦਿਸ਼ਾ–ਨਿਰਦੇਸ਼ਾਂ ਅਨੁਸਾਰ ਪੜ੍ਹਨਗੇ। ਦੱਸਿਆ ਗਿਆ ਹੈ ਕਿ ਪੰਜਾਬ ਦੇ 12,819 ਸਰਕਾਰੀ ਸਕੂਲਾਂ ਵਿੱਚ 14 ਲੱਖ ਬੱਚਿਆਂ ਨੂੰ 5+3+3+4 ਮਾਡਲ ਦੇ ਤਹਿਤ ਦਾਖਲਾ ਦਿੱਤਾ ਗਿਆ ਹੈ। ਇਸ ਨਵੇਂ ਮਾਡਲ ਦਾ ਪਹਿਲਾ ਪੱਧਰ, ਜਿਸਨੂੰ ਫਾਉਂਡੇਸ਼ਨ ਸਟੇਜ ਕਹਿੰਦੇ ਹਨ, 3 ਸਾਲ ਦੀ ਉਮਰ ਵਿੱਚ ਨਰਸਰੀ ਕਲਾਸ ਤੋਂ ਸ਼ੁਰੂ ਹੁੰਦਾ ਹੈ। ਫਾਉਂਡੇਸ਼ਨ ਸਟੇਜ ਵਿੱਚ **LKG, UKG**, ਪਹਿਲੀ ਅਤੇ ਦੂਜੀ ਕਲਾਸ ਸ਼ਾਮਲ ਹਨ। ਇਸਦੇ ਬਾਅਦ 8 ਸਾਲ ਦੀ ਉਮਰ ਵਿੱਚ ਬੱਚਾ ਤੀਜੀ ਕਲਾਸ ਵਿੱਚ ਦਾਖਲਾ ਲਵੇਗਾ, ਜੋ ਪ੍ਰੀਪਰੇਟਰੀ ਸਟੇਜ ਹੋਵੇਗੀ। ਫਿਰ ਬੱਚਾ ਮਿਡਲ ਸਟੇਜ ਵਿੱਚ 11 ਸਾਲ ਦੀ ਉਮਰ ਵਿੱਚ 8ਵੀਂ ਕਲਾਸ ਪੜ੍ਹੇਗਾ। ਸਕੈਂਡਰੀ ਸਟੇਜ ਵਿੱਚ ਬੱਚਾ 14 ਸਾਲ ਦੀ ਉਮਰ ਵਿੱਚ 9ਵੀਂ ਕਲਾਸ ਵਿੱਚ ਦਾਖਲਾ ਲਵੇਗਾ ਅਤੇ 18 ਸਾਲ ਦੀ ਉਮਰ ਵਿੱਚ 12ਵੀਂ ਕਲਾਸ ਪੂਰੀ ਕਰੇਗਾ। ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਇਕ ਅਧਿਕਾਰੀ ਦਾ ਕਹਿਣਾ ਹੈ ਕਿ ਨਵੀਂ ਸਿੱਖਿਆ ਨੀਤੀ ਦਾ ਮਕਸਦ ਬੱਚਿਆਂ ਨੂੰ ਬਿਨਾਂ ਤਣਾਅ ਵਾਲੀ ਸਿੱਖਿਆ ਦੇਣਾ ਹੈ। ਇਹ ਨਵਾਂ ਮਾਡਲ ਇਸ ਲਈ ਚੁਣਿਆ ਗਿਆ ਹੈ ਤਾਂ ਜੋ ਪੜ੍ਹਾਈ ਦਾ ਤਣਾਅ ਬੱਚਿਆਂ ਦੇ ਦਿਮਾਗ ਤੇ ਅਸਰ ਨਾ ਪਵੇ। ਨਵੀਂ ਰਾਸ਼ਟਰੀ ਸਿੱਖਿਆ ਨੀਤੀ 2020 ਦੇ 5+3+3+4 ਮਾਡਲ ਦਾ ਮਕਸਦ ਸਿੱਖਿਆ ਦੇ ਪ੍ਰਣਾਲੀ ਨੂੰ ਬੱਚਿਆਂ ਦੀ ਉਮਰ ਅਤੇ ਵਿਕਾਸ ਅਨੁਸਾਰ ਬਹੁਤ ਬਿਹਤਰ ਬਣਾਉਣਾ ਹੈ। ਇਹ ਮਾਡਲ ਚਾਰ ਹਿੱਸਿਆਂ ਵਿੱਚ ਵੰਡਿਆ ਗਿਆ ਹੈ ਜਿਸ ’ਚ ਫਾਉਂਡੇਸ਼ਨ ਸਟੇਜ (5 ਸਾਲ): 3 ਸਾਲ ਨਰਸਰੀ ਤੋਂ ਦੂਜੀ ਕਲਾਸ ਤੱਕ। ਇਸ ਵਿੱਚ ਬੱਚਿਆਂ ਦੀ ਬੁਨਿਆਦੀ ਸਿੱਖਿਆ ਅਤੇ ਖੇਡ–ਕੁੱਦ ਦੁਆਰਾ ਸਿਖਲਾਈ ਤੇ ਧਿਆਨ ਦਿੱਤਾ ਜਾਂਦਾ ਹੈ। ਪ੍ਰਿਪਰੇਟਰੀ ਸਟੇਜ (3 ਸਾਲ): ਤੀਜੀ ਤੋਂ ਪੰਜਵੀਂ ਕਲਾਸ। ਇੱਥੇ ਬੱਚਿਆਂ ਦੀ ਪਾਠ–ਪਾਠਨ ਸਮਰੱਥਾ ਨੂੰ ਵਧਾਇਆ ਜਾਂਦਾ ਹੈ ਅਤੇ ਪੜ੍ਹਾਈ ਨੂੰ ਰੁਚਿਕਰ ਬਣਾਇਆ ਜਾਂਦਾ ਹੈ ਮਿਡਲ ਸਟੇਜ (3 ਸਾਲ): ਛੇਵੀਂ ਤੋਂ ਅੱਠਵੀਂ ਕਲਾਸ। ਇੱਥੇ ਵਿਦਿਆਰਥੀਆਂ ਦੀ ਸੋਚ ਅਤੇ ਸਮਝ ਤੇ ਧਿਆਨ ਕੇਂਦਰਿਤ ਹੁੰਦਾ ਹੈ। ਸੈਕੰਡਰੀ ਸਟੇਜ (4 ਸਾਲ): ਨੌਂਵੀਂ ਤੋਂ ਬਾਰਹਵੀਂ ਕਲਾਸ। ਇਹ ਪੜ੍ਹਾਈ ਦਾ ਉੱਚ ਪੱਧਰ ਹੁੰਦਾ ਹੈ ਜਿੱਥੇ ਵਿਦਿਆਰਥੀ ਆਪਣੀਆਂ ਚੋਣਾਂ ਮੁਤਾਬਕ ਵਿਸ਼ੇ ਚੁਣਦੇ ਹਨ। ਇਸ ਮਾਡਲ ਦੇ ਫਾਇਦੇ: ਬੱਚਿਆਂ ਨੂੰ ਬਿਨਾਂ ਕਿਸੇ ਬੇਵਜ੍ਹਾ ਤਣਾਅ ਦੇ ਪੜ੍ਹਾਈ ਦਾ ਮੌਕਾ ਮਿਲਦਾ ਹੈ। ਖੇਡਾਂ, ਕਲਾ ਅਤੇ ਸਾਂਸਕ੍ਰਿਤਿਕ ਗਤੀਵਿਧੀਆਂ ਨੂੰ ਸਿੱਖਿਆ ਦਾ ਹਿੱਸਾ ਬਣਾਇਆ ਗਿਆ ਹੈ, ਜੋ ਬੱਚਿਆਂ ਦੀ ਸਮੁੱਚੀ ਵਿੱਧੀ ਵਿਚ ਮਦਦ ਕਰਦੀਆਂ ਹਨ।

# ਆਪਸੀ ਹਉਮੈ ਦਾ ਤਿਆਗ ਕਰਕੇ ਸਾਰੀਆਂ ਅਕਾਲੀ ਧਿਰਾਂ ਕੌਮੀ ਹਿੱਤਾਂ ਲਈ ਹੋਣ ਇਕਜੁੱਟ, ਇਹੀ ਢੀਂਡਸਾ ਨੂੰ ਹੋਵੇਗੀ ਸੱਚੀ ਸ਼ਰਧਾਂਜਲੀ: ਸੁਨੀਲ ਜਾਖੜ






ਸੰਗਰੂਰ, 8 ਜੂਨ (ਆਵਾਜ਼ਿ ਕੌਮ ਬਿਊਰੋ)–ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਸੁਖਦੇਵ ਸਿੰਘ ਢੀਂਡਸਾ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਵਿਖੇ ਹੋਈ। ਇਸ ਮੌਕੇ ਸਿਆਸੀ ਆਗੂ ਸੁਖਬੀਰ ਸਿੰਘ ਬਾਦਲ, ਅਮਨ ਅਰੋੜਾ, ਕੁਲਤਾਰ ਸਿੰਘ ਸੰਧਵਾਂ, ਪ੍ਰਤਾਪ ਸਿੰਘ ਬਾਜਵਾ, ਸੁਨੀਲ ਜਾਖੜ ਅਤੇ ਹੋਰ ਸ਼ਖ਼ਸ਼ੀਅਤਾਂ ਵੀ ਉਨ੍ਹਾਂ ਦੀ ਅੰਤਿਮ ਅਰਦਾਸ ’ਚ ਸ਼ਾਮਲ ਹੋਣ ਪੁੱਜੀਆਂ। ਇਸ ਮੌਕੇ ਸੁਨੀਲ ਜਾਖੜ ਨੇ ਕਿਹਾ ਕਿ ਇੱਕ ਮਜਬੂਤ ਪੰਥਕ ਪਾਰਟੀ ਨਾ ਕੇਵਲ ਪੰਥ, ਕੌਮ ਅਤੇ ਪੰਜਾਬ ਦੀ ਜਰੂਰਤ ਹੈ ਬਲਕਿ ਇਹ ਦੇਸ਼ ਦੀ ਵੀ ਜਰੂਰਤ ਹੈ। ਸਾਰੀਆਂ ਅਕਾਲੀ ਧਿਰਾਂ ਨੂੰ ਆਪਸੀ ਹਉਮੈ ਦਾ ਤਿਆਗ ਕਰਕੇ ਕੌਮੀ ਹਿੱਤਾਂ ਲਈ ਇਕਜੁੱਟ ਹੋ ਕੇ ਪੰਥ ਅਤੇ ਪੰਜਾਬ ਲਈ ਅੱਗੇ ਆਉਣਾ ਚਾਹੀਦਾ ਹੈ। ਇਹੀ ਸੁਖਦੇਵ ਸਿੰਘ ਢੀਡਸਾ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਇੱਥੇ ਇਹ ਯਾਦ ਰੱਖਣਾ ਹੋਵੇਗਾ ਕਿ ਕਿਤੇ ਆਪਸੀ ਮੱਤਭੇਦਾਂ ਦੇ ਚਲਦੇ ਪੰਜਾਬ ਦੀ ਮਹਾਨ ਵਿਰਾਸਤ ਦਾ ਇੰਤਕਾਲ ਕੋਈ ਹੋਰ ਹੀ ਆਪਣੇ ਨਾਮ ਨਾ ਕਰਵਾ ਜਾਵੇ ਜਿਸ ਦਾ ਖਮਿਆਜਾ ਪੰਥ, ਕੌਮ ਅਤੇ ਪੰਜਾਬ ਨੂੰ ਭੁਗਤਣਾ ਪਵੇ। ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਢੀਂਡਸਾ ਸਾਹਿਬ ਅਕਸਰ ਉਨ੍ਹਾਂ ਨੂੰ ਮਿਲਦੇ ਰਹਿੰਦੇ ਸਨ। ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਪੂਰੇ ਪੰਜਾਬ ਨੂੰ ਸੁਖਦੇਵ ਸਿੰਘ ਢੀਂਡਸਾ ’ਤੇ ਮਾਣ ਸੀ। ਉਨ੍ਹਾਂ ਨੇ ਕਿਹਾ ਕਿ ਪਰਮਾਤਮਾ ਉਨ੍ਹਾਂ ਨੂੰ ਆਪਣੇ ਚਰਨਾਂ ’ਚ ਨਿਵਾਸ ਦੇਣ। ਅਮਨ ਅਰੋੜਾ ਨੇ ਸੁਖਦੇਵ ਸਿੰਘ ਢੀਡਸਾ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਾਰੀ ਜ਼ਿੰਦਗੀ ਅਕਾਲੀ ਦਲ ਨੂੰ ਸਮਰਪਿਤ ਰਹੀ ਹੈ। ਇਸ ਤੋਂ ਇਲਾਵਾ ਹੋਰ ਵੀ ਸ਼ਖ਼ਸ਼ੀਅਤਾਂ ਨੇ ਸੁਖਦੇਵ ਸਿੰਘ ਢੀਡਸਾ ਨੂੰ ਲੈ ਕੇ ਆਪੋ–ਆਪਣੇ ਵਿਚਾਰ ਸਾਂਝੇ ਕੀਤੇ।

ਆਵਾਜ਼ਿ ਕੌਮ AWAZE QAUM International Newspaper & WEB TV





# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**


ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223








**ਆਵਾਜ਼ਿ ਕੌਮ**

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ



ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com


SOUTHALL
DAMDAMI TAKSAL
ਆਵਾਜ਼ਿ ਕੌਮ
AWAZE QAUM
International Newspaper & WEB TV
ਅੰਮ੍ਰਿਤ ਸੰਚਾਰ
AMRIT SANCHAR
SUNDAY 15TH JUN AT 12:30PM
GURDWARA SRI GURU SINGH SABHA
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN
(BODY & HAIR WASH)
CONTACT 07940 270 120 FOR MORE DETAILS

## ਇੱਕ ਨਜ਼ਰ...



### ਨਿਊਜ਼ੀਲੈਂਡ ਦੇ ਗੁਰਦੁਆਰਾ ਨਾਨਕਸਰ ਮੈਨੁਰੇਵਾ ਵਿਖੇ ਜੂਨ 84 ਦੇ ਸ਼ਹੀਦਾਂ ਦੀ ਯਾਦ ਵਿੱਚ ਕਰਵਾਇਆ ਗਿਆ ਸਮਾਗਮ

ਨਵੀਂ ਦਿੱਲੀ 8 ਜੂਨ (ਮਨਪ੍ਰੀਤ ਸਿੰਘ ਖਾਲਸਾ):- ਨਿਊਜ਼ੀਲੈਂਡ ਦੇ ਗੁਰਦੁਆਰਾ ਨਾਨਕਸਰ ਠਾਠ ਈਸ਼ਰ ਦਰਬਾਰ, ਮੈਨੁਰੇਵਾ ਵਿਖੇ ਜੂਨ 84 ਦੇ ਸ਼ਹੀਦਾਂ ਦੀ ਯਾਦ ਵਿੱਚ ਸਮਾਗਮ ਕਰਵਾਇਆ ਗਿਆ । ਇਸ ਵਿਸ਼ੇਸ਼ ਪ੍ਰੋਗਰਾਮ ਲਈ ਗੁਰੂ ਘਰ ਦੀ ਪ੍ਰਬੰਧਕ ਕਮੇਟੀ ਅਤੇ ਨੌਜਵਾਨ ਸੇਵਾਦਾਰਾਂ ਨੇ ਸਹਿਯੋਗ ਕਰਦਿਆਂ ਪ੍ਰਬੰਧ ਕੀਤਾ ਸੀ । ਇਸ ਮੌਕੇ ਭਾਈ ਸੁਰਿੰਦਰ ਸਿੰਘ ਜੀ ਨੇ ਕੀਰਤਨ ਅਤੇ ਭਾਈ ਜਸਵੰਤ ਸਿੰਘ ਦੀਵਾਨਾ ਦੇ ਢਾਡੀ ਜੱਥੇ ਨੇ ਜੋਸ਼ੀਲਿਆ ਵਾਰਾਂ ਰਾਹੀਂ ਸਿੱਖ ਮਰਜੀਵੜਿਆ ਦੀ ਗਾਥਾਵਾਂ ਦਾ ਵਰਨਣ ਕਰਣ ਦੇ ਨਾਲ ਸਮੇਂ ਦੀ ਸਰਕਾਰ ਵਲੋਂ ਸਿੱਖਾਂ ਉਪਰ ਢਾਹੇ ਗਏ ਜ਼ੁਲਮਾਂ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ ਸੀ । ਇਸ ਮੌਕੇ ਗੁਰਦੁਆਰਾ ਸਾਹਿਬ ਦੀ ਪਾਰਕਿੰਗ ਅਤੇ ਗੈਲਰੀ ਵਿਚ ਘੱਲੂਘਾਰੇ ਸਬੰਧੀ ਫੋਟੋ ਪ੍ਰਦਰਸ਼ਨੀ ਲਾਈ ਗਈ ਸੀ ਜਿਸ ਰਾਹੀਂ ਵੀਂ ਸੰਗਤ ਨੂੰ ਇਤਿਹਾਸ ਤੋ ਜਾਣੂ ਕਰਵਾਇਆ ਗਿਆ ਤੇ ਇਹ ਪ੍ਰਦਰਸ਼ਨੀ ਸੰਗਤਾਂ ਚ ਖਿੱਚ ਦਾ ਕੇਂਦਰ ਬਣੀ ਹੋਈ ਸੀ । ਗੁਰੂ ਘਰ ਨੂੰ ਖਾਲਸਾਈ ਝੰਡਿਆ ਨਾਲ ਸਜਾਇਆ ਗਿਆ ਸੀ। ਇਸ ਮੌਕੇ ਗੁਰੂ ਘਰ ਦੇ ਪ੍ਰਧਾਨ ਭਾਈ ਚਰਨ ਸਿੰਘ ਦੇ ਨਾਲ ਗਰਨੇਤ ਸਿੰਘ, ਬਲਜਿੰਦਰ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਨਾਲ ਹੀ ਕੌਮ ਦੀ ਅਜ਼ਾਦੀ ਤੇ ਖਾਲਸਾ ਰਾਜ ਦੀ ਪ੍ਰਾਪਤੀ ਲਈ ਵੱਧ ਚੱੜ ਕੇ ਸਹਿਯੋਗ ਕਰਨ ਦੀ ਬੇਨਤੀ ਕੀਤੀ। ਇਸ ਮੌਕੇ ਭਾਰੀ ਗਿਣਤੀ ਚ ਸੰਗਤ ਨੇ ਹਿੱਸਾ ਲੈ ਕੇ ਸ਼ਹੀਦ ਸਿੰਘ ਸਿੰਘਣੀਆਂ ਭੂੰਜਗੀ ਅਤੇ ਬਜ਼ੁਰਗਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਂਟ ਕੀਤੇ ਸਨ ਪ੍ਰੋਗਰਾਮ ਦੀ ਸਮਾਪਤੀ ਤੇ ਗੁਰੂ ਦਾ ਲੰਗਰ ਅਤੁੱਟ ਵਰਤਿਆ ਗਿਆ। ਹਾਜ਼ਿਰੀਨ ਸੰਗਤਾਂ ਵਲੋਂ ਗੁਰੂਘਰ ਦੀ ਪ੍ਰਬੰਧਕ ਕਮੇਟੀ ਦੇ ਨਾਲ ਨੌਜੁਆਨ ਸੇਵਾਦਾਰਾਂ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਗਿਆ ਜਿਨ੍ਹਾਂ ਬਦੌਲਤ ਇਹ ਪ੍ਰੋਗਰਾਮ ਉਲੀਕਿਆ ਗਿਆ ਸੀ ਤੇ ਉਨ੍ਹਾਂ ਆਸ ਪ੍ਰਗਟ ਕੀਤੀ ਕਿ ਅੱਗੇ ਵੀਂ ਪ੍ਰਬੰਧਕ ਕਮੇਟੀ ਪੰਥ ਦੇ ਅਹਿਮ ਦਿਹਾੜੇਆਂ ਮੌਕੇ ਇਸੇ ਤਰ੍ਹਾਂ ਪ੍ਰੋਗਰਾਮ ਉਲੀਕਦੇ ਰਹਿਣਗੇ ।

### ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਦੀ ਮੈਗਜੀਨ "ਬਾਗੀ" ਦਾ ਆਗਾਜ ਕੀਤਾ ਗਿਆ

#### ਮੈਗਜ਼ੀਨ ਦਾ ਨਾਮ "ਬਾਗੀ" ਸ. ਇਮਾਨ ਸਿੰਘ ਮਾਨ ਨੇ ਰੱਖਿਆ



ਅੰਮ੍ਰਿਤਸਰ, 8 ਜੂਨ (ਰਸ਼ਿਪੰਦਰ ਕੌਰ ਗਿੱਲ )- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਵੱਲੋਂ ਮੈਗਜੀਨ "ਬਾਗੀ" ਦਾ ਆਗਾਜ਼ ਕੀਤਾ ਗਿਆ। ਮੈਗਜ਼ੀਨ ਦੇ ਲੋਕ ਅਰਪਣ ਸਮੇਂ ਪਾਰਟੀ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ, ਹਰਪਾਲ ਸਿੰਘ ਬਲੇਰ ਜਨਰਲ ਸਕੱਤਰ, ਰਸ਼ਿਪੰਦਰ ਕੌਰ ਗਿੱਲ ਜਰਨਲ ਸਕੱਤਰ ਇਸਤਰੀ ਵਿੰਗ ਪੰਜਾਬ, ਉਪਕਾਰ ਸੰਧੂ ਜਨਰਲ ਸਕੱਤਰ, ਉਪਿੰਦਰ ਪ੍ਰਤਾਪ ਸਿੰਘ ਸੋਹਲ ਪੀ.ਏ ਸ. ਸਿਮਰਨਜੀਤ ਸਿੰਘ ਮਾਨ, ਹਰਮਨਦੀਪ ਸਿੰਘ ਸ਼ਹਿਰੀ ਪ੍ਰਧਾਨ ਅੰਮ੍ਰਿਤਸਰ, ਪਰਮਜੀਤ ਸਿੰਘ ਸੁੱਖ ਜਨਰਲ ਸਕੱਤਰ ਮਾਝਾ ਜੋਨ, ਮਨਜਾਪ ਕੌਰ ਪ੍ਰਧਾਨ ਚਿਲਡਰਨ ਵਿੰਗ ਅਤੇ ਅੰਮ੍ਰਿਤਸਰ ਜ਼ਿਲੇ ਦੀ ਸਮੁੱਚੀ ਜਥੇਬੰਦੀ ਮੌਜੂਦ ਰਹੀ। ਇਸ ਮੈਗਜ਼ੀਨ ਦੀ ਸੰਪਾਦਕ ਰਸ਼ਿਪੰਦਰ ਕੌਰ ਗਿੱਲ ਹਨ। ਇਹ ਮੈਗਜ਼ੀਨ ਹਰ ਮਹੀਨੇ ਪ੍ਰਕਾਸ਼ਿਤ ਹੋਵੇਗਾ। ਇਸ ਮੈਗਜੀਨ ਰਾਹੀਂ ਪਾਰਟੀ ਪ੍ਰਧਾਨ ਸ.ਸਿਮਰਨਜੀਤ ਸਿੰਘ ਮਾਨ ਜੀ ਅਤੇ ਕਾਰਜਕਾਰੀ ਪ੍ਰਧਾਨ ਸ. ਇਮਾਨ ਸਿੰਘ ਮਾਨ ਜੀ ਵੱਲੋਂ ਪੰਥ ਅਤੇ ਦੇਸ਼ ਪੰਜਾਬ ਦੇ ਵੱਖ-ਵੱਖ ਮੁੱਦਿਆਂ ਉੱਪਰ ਜਾਣਕਾਰੀ ਸੰਗਤ ਦੇ ਸਪੁਰਦ ਕੀਤੀ ਜਾਏਗੀ। ਇਸ ਮੈਗਜ਼ੀਨ ਦਾ ਨਾਮ ਸ. ਇਮਾਨ ਸਿੰਘ ਮਾਨ ਜੀ ਵੱਲੋਂ "ਬਾਗੀ" ਰੱਖਿਆ ਗਿਆ ਹੈ।

### ਅੰਮ੍ਰਿਤਸਰ ਜ਼ਿਲੇ ਦੀ ਹੰਗਾਮੀ ਮੀਟਿੰਗ ਵਿੱਚ ਪਾਰਟੀ ਦਾ ਵਿਸਥਾਰ ਕਰਦਿਆਂ ਹੋਈਆਂ ਨਵੀਆਂ ਨਿਯੁਕਤੀਆਂ

#### ਹਰਮਨਦੀਪ ਸਿੰਘ, ਪਰਮਜੀਤ ਸਿੰਘ ਸੁੱਖ ਅਤੇ ਰਵੀ ਸ਼ੇਰ ਸਿੰਘ ਨੇ ਨਵੇਂ ਮੈਂਬਰ ਕੀਤੇ ਪਾਰਟੀ ਵਿੱਚ ਸ਼ਾਮਿਲ



ਅੰਮ੍ਰਿਤਸਰ, 8 ਜੂਨ (ਰਸ਼ਿਪੰਦਰ ਕੌਰ ਗਿੱਲ )-ਹਰਮਨਦੀਪ ਸਿੰਘ ਸ਼ਹਿਰੀ ਪ੍ਰਧਾਨ ਜ਼ਿਲਾ ਅੰਮ੍ਰਿਤਸਰ ਅਤੇ ਪਰਮਜੀਤ ਸੁੱਖ ਜਨਰਲ ਸਕੱਤਰ ਮਾਝਾ ਜ਼ੋਨ ਅਤੇ ਰਵੀ ਸ਼ੇਰ ਮੀਤ ਪ੍ਰਧਾਨ ਯੂਥ ਵਿੰਗ ਵੱਲੋਂ ਜਿਲਾ ਅੰਮ੍ਰਿਤਸਰ ਵਿਖੇ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਦੇ ਪਰਿਵਾਰ ਨੂੰ ਵੱਡਾ ਕਰਦਿਆਂ ਪਾਰਟੀ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਜੀ ਦੁਆਰਾ ਸਭ ਨਵੇਂ ਸ਼ਾਮਿਲ ਹੋਏ ਮੈਂਬਰਾਂ ਨੂੰ ਸਿਰੋਪਾਉ ਦੇ ਕੇ ਜੀ ਆਇਆਂ ਆਖਿਆ ਗਿਆ। ਇਸ ਸਮੇਂ ਪਾਰਟੀ ਦੀ ਪੰਜਾਬ ਲਿਡਰਸ਼ਿਪ ਦੇ ਜਨਰਲ ਸਕੱਤਰ ਹਰਪਾਲ ਸਿੰਘ ਬਲੇਰ, ਜਨਰਲ ਸਕੱਤਰ ਉਪਕਾਰ ਸਿੰਘ ਸੰਧੂ, ਜਥੇਬੰਧਕ ਸਕੱਤਰ ਮਾਝਾ ਜ਼ੋਨ ਜਸਬੀਰ ਸਿੰਘ ਬੱਚੜੇ, ਉਪਿੰਦਰ ਪ੍ਰਤਾਪ ਸਿੰਘ ਸੋਹਲ ਪੀ.ਏ ਸ. ਸਿਮਰਨਜੀਤ ਸਿੰਘ ਮਾਨ, ਜਨਰਲ ਸਕੱਤਰ ਇਸਤਰੀ ਵਿੰਗ ਰਸ਼ਿਪੰਦਰ ਕੌਰ ਗਿੱਲ, ਮਨਜਾਪ ਕੌਰ ਪ੍ਰਧਾਨ ਚਿਲਡਰਨ ਵਿੰਗ, ਮਨਪ੍ਰੀਤ ਸਿੰਘ ਅਜ਼ਾਦ ਦਫ਼ਤਰ ਇੰਚਾਰਜ ਅੰਮ੍ਰਿਤਸਰ, ਬਲਜੀਤ ਸਿੰਘ ਜੰਡਿਆਲਾਗੁਰੂ, ਸੁਰਜੀਤ ਸਿੰਘ, ਹਰਸਿਮਰਨ ਸਿੰਘ, ਪ੍ਰਭ ਸਿਮਰਨ ਸਿੰਘ, ਦਲਬੀਰ ਸਿੰਘ ਬੰਡਾਲਾ, ਸਰਦੂਲ ਸਿੰਘ, ਸਿਮਰਨਜੀਤ ਸਿੰਘ, ਦਵਿੰਦਰ ਸਿੰਘ ਬੱਲ, ਬੋਹੜ ਸਿੰਘ, ਨਿਸ਼ਾਨ ਸਿੰਘ, ਸੁਖਵਿੰਦਰ ਸਿੰਘ, ਗੁਰਪ੍ਰੀਤ ਸਿੰਘ ਲੋਹਰਾਕਾ, ਅਜਮੇਰ ਸਿੰਘ ਲੋਹਰਾਕਾ, ਜਸਜੀਤ ਸਿੰਘ ਲੋਹਰਾਕਾ ਅਤੇ ਜ਼ਿਲਾ ਅੰਮ੍ਰਿਤਸਰ ਦੀ ਸਮੁੱਚੀ ਟੀਮ ਸ਼ਾਮਿਲ ਹੋਈ।

## ਸ਼੍ਰੋਮਣੀ ਕਮੇਟੀ ਬਾਦਲਕਿਆਂ ਨੇ ਸਿੱਖ ਕੌਮ ਦੀ ਅਜ਼ਾਦੀ ਦੀ ਆਵਾਜ਼ ਦਬਾਉਣ ਲਈ ਸਪੀਕਰ ਉੱਚੇ ਕਰਕੇ ਕੀਰਤਨ ਨੂੰ ਹਥਿਆਰ ਵਜੋਂ ਵਰਤਿਆ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ

- ਪਰ ਭਾਰਤ ਸਰਕਾਰ ਅਤੇ ਸ਼੍ਰੋਮਣੀ ਕਮੇਟੀ ਬਾਦਲਕਿਆਂ ਦਾ ਜ਼ੁਲਮ ਸਿੱਖਾਂ ਨੂੰ ਖਾਲਿਸਤਾਨ ਦੇ ਨਿਸ਼ਾਨੇ ਤੋਂ ਭਟਕਾ ਅਤੇ ਥਿੜਕਾ ਨਹੀਂ ਸਕਿਆ ਹੈ
- ਕਿਹਾ ਕਿ ਪਿਛਲੇ ਸਾਲਾਂ ਦੌਰਾਨ ਖਾਲਿਸਤਾਨ ਦੇ ਨਾਅਰੇ ਲਾਉਣ ਵਾਲੇ ਗੁਰਸਿੱਖਾਂ ਨੂੰ ਸ਼੍ਰੋਮਣੀ ਕਮੇਟੀ ਦੀ ਟਾਸਕ ਫੋਰਸ ਡਾਂਗਾਂ ਨਾਲ ਕੁੱਟਦੀ ਸੀ

ਅੰਮ੍ਰਿਤਸਰ, 8 ਜੂਨ (ਆਵਾਜ਼ਿ ਕੌਮ ਬਿਊਰੋ ): ਜੂਨ 1984 ਦੇ ਤੀਜੇ ਘੱਲੂਘਾਰੇ ਦੀ 41ਵੀਂ ਵਰ੍ਹੇਗੰਢ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹੋਏ ਸਮਾਗਮ ਦੀ ਸਮਾਪਤੀ ਤੋਂ ਬਾਅਦ ਸ਼੍ਰੋਮਣੀ ਕਮੇਟੀ ਬਾਦਲਕਿਆਂ ਨੇ ਸਿੱਖ ਕੌਮ ਦੀ ਅਜ਼ਾਦੀ ਦੀ ਆਵਾਜ਼ ਦੱਬਣ ਲਈ ਸਪੀਕਰ ਬੇਹੱਦ ਉੱਚੇ ਕਰਕੇ ਸ੍ਰੀ ਦਰਬਾਰ ਸਾਹਿਬ ਦੇ ਕੀਰਤਨ ਨੂੰ ਹਥਿਆਰ ਵਜੋਂ ਵਰਤਿਆ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਨੇ ਕਿਹਾ ਸੀ ਕਿ "ਜੇ ਦਰਬਾਰ ਸਾਹਿਬ ਉੱਤੇ ਹਮਲਾ ਹੋਇਆ ਤਾਂ ਖ਼ਾਲਿਸਤਾਨ ਦੀ ਨੀਂਹ ਰੱਖੀ ਜਾਵੇਗੀ ਤੇ ਫਿਰ ਅਗਲਾ ਸੰਘਰਸ਼ ਵੱਧ ਅਧਿਕਾਰਾਂ ਜਾਂ ਅਨੰਦਪੁਰ ਦੇ ਮਤੇ ਲਈ ਨਹੀਂ, ਬਲਕਿ ਸਿੱਖ ਕੌਮ ਦੇ ਆਜ਼ਾਦ ਘਰ ਖ਼ਾਲਿਸਤਾਨ ਦੀ ਪ੍ਰਾਪਤੀ ਲਈ ਹੋਵੇਗਾ।" ਘੱਲੂਘਾਰੇ ਤੋਂ ਬਾਅਦ ਖਾਲਿਸਤਾਨ ਦੀ ਸਿਰਜਣਾ ਲਈ ਹਜ਼ਾਰਾਂ ਸਿੰਘਾਂ-ਸਿੰਘਣੀਆਂ ਨੇ ਜੂਝ ਕੇ ਸ਼ਹਾਦਤਾਂ ਦੇ ਜਾਮ ਪੀਤੇ। ਭਾਰਤ ਸਰਕਾਰ ਨੇ ਖ਼ਾਲਿਸਤਾਨ ਦੇ ਸੰਘਰਸ਼ ਨੂੰ ਖਤਮ ਕਰਨ ਅਤੇ ਦਬਾਉਣ ਲਈ ਹਰ ਹਰਬਾ ਵਰਤਿਆ ਪਰ ਇਹ ਸੰਘਰਸ਼ ਰਾਜਨੀਤਕ, ਜ਼ਮਹੂਰੀਅਤ ਅਤੇ ਲੋਕਤੰਤਰਿਕ ਢੰਗ ਨਾਲ ਅੱਜ ਵੀ ਜਾਰੀ ਹੈ। ਪੰਥਕ/ਖਾਲਿਸਤਾਨੀ ਜਥੇਬੰਦੀਆਂ ਵੱਲੋਂ ਸੈਮੀਨਾਰਾਂ, ਮਾਰਚਾਂ, ਪ੍ਰਦਰਸ਼ਨਾਂ, ਤਕਰੀਰਾਂ, ਬਿਆਨਾਂ ਅਤੇ ਸਮਾਗਮਾਂ ਦੌਰਾਨ ਖ਼ਾਲਿਸਤਾਨ ਦੀ ਆਵਾਜ਼ ਬੁਲੰਦ ਕੀਤੀ ਜਾਂਦੀ ਹੈ ਅਤੇ ਖਾਸ ਕਰਕੇ ਜੂਨ 1984 ਘੱਲੂਘਾਰੇ ਨੂੰ ਯਾਦ ਕਰਦਿਆਂ ਹਰ ਸਾਲ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਖ਼ਾਲਿਸਤਾਨ ਜ਼ਿੰਦਾਬਾਦ ਦੇ ਨਾਹਰੇ ਗਜਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਤੇ ਭਾਰਤੀ ਹਕੂਮਤ ਤੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਦੱਸਿਆ ਜਾਂਦਾ ਹੈ ਕਿ ਸਿੱਖ ਕੌਮ ਵਿੱਚ ਅੱਜ ਵੀ ਖਾਲਿਸਤਾਨ ਪ੍ਰਤੀ ਤੜਪ ਜਾਰੀ ਹੈ ਤੇ ਸਿੱਖ ਕੌਮ ਆਜ਼ਾਦੀ ਮੰਗਦੀ ਹੈ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਭਾਰਤ ਸਰਕਾਰ, ਸਰਕਾਰੀ ਏਜੰਸੀਆਂ ਅਤੇ ਪੁਲਿਸ ਨੂੰ ਖੁਸ਼ ਕਰਨ ਲਈ ਅਕਾਲੀ ਦਲ ਬਾਦਲ ਅਤੇ ਸ਼੍ਰੋਮਣੀ ਕਮੇਟੀ ਵਾਲੇ ਪੰਥ ਨਾਲ਼ ਗੱਦਾਰੀਆਂ ਕਰ ਰਹੇ ਹਨ ਤੇ ਉਹ ਹਰ ਸਾਲ ਖਾਲਿਸਤਾਨ ਦੀ ਆਵਾਜ਼ ਨੂੰ ਦੱਬਣ ਦਾ ਯਤਨ ਕਰਦੇ ਹਨ। ਇਸ ਵਾਰ ਵੀ ਅਰਦਾਸ ਅਤੇ ਹੁਕਮਨਾਮਾ ਸਾਹਿਬ ਤੋਂ ਬਾਅਦ ਸ਼੍ਰੋਮਣੀ ਕਮੇਟੀ ਨੇ ਸਪੀਕਰਾਂ ਦੀ ਆਵਾਜ਼ ਬੇਹੱਦ ਉੱਚੀ ਕਰ ਦਿੱਤੀ ਤਾਂ ਜੋ ਖਾਲਿਸਤਾਨ ਦੇ ਨਾਅਰਿਆਂ ਦੀ ਆਵਾਜ਼ ਦਾ ਦੁਨੀਆਂ ਅਤੇ ਮੀਡੀਆ ਨੂੰ ਪਤਾ ਨਾ ਲੱਗ ਸਕੇ। ਪਰ ਸਿੱਖ ਨੌਜਵਾਨੀ ਨੇ ਆਪਣੇ ਸ਼ਹੀਦਾਂ ਨੂੰ ਸਿਜਦਾ ਕਰਦਿਆਂ ਉਹਨਾਂ ਦੇ ਕੌਮੀ ਨਿਸ਼ਾਨੇ ਖਾਲਿਸਤਾਨ ਪ੍ਰਤੀ ਪੂਰੀ ਸੁਹਿਰਦਤਾ ਅਤੇ ਜੋਸ਼ ਨਾਲ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਅਤੇ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰਿਆਂ ਨਾਲ ਗੂੰਜਣ ਲਾ ਦਿੱਤਾ। ਭਾਈ ਰਣਜੀਤ ਸਿੰਘ ਨੇ ਇਹ ਵੀ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਤਤਕਾਲੀ ਪ੍ਰਧਾਨ ਅਵਤਾਰ ਸਿੰਘ ਮੱਕੜ ਨੇ ਦਸ ਕੁ ਸਾਲ ਪਹਿਲਾਂ ਕਿਹਾ ਸੀ ਕਿ ਜੂਨ 1984 ਦੇ ਘੱਲੂਘਾਰੇ ਸਮਾਗਮਾਂ 'ਚ ਹੌਲੀ-ਹੌਲੀ ਖਾਲਿਸਤਾਨ ਦੀ ਨਾਅਰੇਬਾਜ਼ੀ ਬਿਲਕੁਲ ਬੰਦ ਹੋ ਜਾਵੇਗੀ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਜੇਕਰ ਅਵਤਾਰ ਸਿੰਘ ਮੱਕੜ ਅੱਜ ਜਿਉਂਦੇ ਹੁੰਦੇ ਤਾਂ ਉਹ ਦੇਖ ਲੈਂਦੇ ਕਿ ਸਿੱਖ ਸੰਗਤਾਂ ਦਾ ਆਪਣੇ ਸ਼ਹੀਦਾਂ ਦੇ ਨਿਸ਼ਾਨੇ ਪ੍ਰਤੀ ਪਿਆਰ ਡੁਲ ਡੁੱਲ ਪੈ ਰਿਹਾ ਹੈ ਤੇ ਉਹ ਖਾਲਿਸਤਾਨ ਦੇ ਨਿਸ਼ਾਨੇ ਦੀ ਪੂਰਤੀ ਲਈ ਪੂਰੀ ਤਰ੍ਹਾਂ ਦ੍ਰਿੜ ਹਨ। ਫੈਡਰੇਸ਼ਨ ਨੇ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸਵਾਲ ਕੀਤਾ ਕਿ ਕੀ ਉਹ ਸਿੱਖ ਕੌਮ ਨੂੰ ਗ਼ੁਲਾਮ ਹੀ ਵੇਖਣਾ ਚਾਹੁੰਦੇ ਹਨ ? ਜਦ ਕਿ ਸ਼੍ਰੋਮਣੀ ਕਮੇਟੀ ਨੂੰ ਖਾਲਿਸਤਾਨ ਦੇ ਵਿਰੋਧ ਵਿੱਚ ਨਹੀਂ ਭੁਗਤਣਾ ਚਾਹੀਦਾ, ਜੇਕਰ ਸ਼੍ਰੋਮਣੀ ਕਮੇਟੀ ਖੁਦ ਖਾਲਿਸਤਾਨ ਦੀ ਗੱਲ ਨਹੀਂ ਕਰ ਸਕਦੀ ਤਾਂ ਜਿਹੜੇ ਕਰ ਰਹੇ ਹਨ ਉਹਨਾਂ ਦੀ ਆਵਾਜ਼ ਨੂੰ ਦਬਾਉਣਾ ਨਹੀਂ ਚਾਹੀਦਾ। ਉਹਨਾਂ ਇਹ ਵੀ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਖਾਲਿਸਤਾਨ ਦੇ ਨਾਅਰੇ ਲਾਉਣ ਵਾਲੇ ਗੁਰਸਿੱਖਾਂ ਨੂੰ ਸ਼੍ਰੋਮਣੀ ਕਮੇਟੀ ਦੀ ਟਾਸਕ ਫੋਰਸ ਡਾਂਗਾਂ ਨਾਲ ਕੁੱਟਦੀ ਸੀ ਤੇ ਇਹਨਾਂ ਨੌਜਵਾਨਾਂ ਨੂੰ ਪੁਲਿਸ ਕੋਲ ਫੜਾ ਦਿੱਤਾ ਜਾਂਦਾ ਸੀ। ਪਰ ਭਾਰਤ ਸਰਕਾਰ ਅਤੇ ਸ਼੍ਰੋਮਣੀ ਕਮੇਟੀ ਬਾਦਲਕਿਆਂ ਦਾ ਜ਼ੁਲਮ ਸਿੱਖਾਂ ਨੂੰ ਖਾਲਿਸਤਾਨ ਦੇ ਨਿਸ਼ਾਨੇ ਤੋਂ ਭਟਕਾ ਅਤੇ ਥਿੜਕਾ ਨਹੀਂ ਸਕਿਆ ਹੈ।




## ਅਕਾਲੀ ਦਲ ਨੇ ਦਿੱਲੀ ਸਰਕਾਰ ਵੱਲੋਂ ਦਿੱਲੀ ਕਮੇਟੀ 'ਚ ਦਖਲਅੰਦਾਜ਼ੀ ਵਿਰੁੱਧ ਸੰਸਦ ਦੇ ਸਾਹਮਣੇ ਕੀਤਾ ਪ੍ਰਦਰਸ਼ਨ

### ਦਿੱਲੀ ਪੁਲਿਸ ਨੇ ਪ੍ਰਦਰਸ਼ਨਕਾਰੀਆਂ ਨੂੰ ਮੁੱਖ ਮੰਤਰੀ ਦਾ ਪੁਤਲਾ ਸਾੜਨ ਤੋਂ ਰੋਕਿਆ



ਨਵੀਂ ਦਿੱਲੀ 8 ਜੂਨ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਰਕਾਰ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਥਿਤ ਗਠਜੋੜ ਨੂੰ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿੱਚ ਦਖਲਅੰਦਾਜ਼ੀ ਦੱਸਦਿਆਂ, ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਨੇ ਅੱਜ ਸੰਸਦ ਵੱਲ ਮਾਰਚ ਕੀਤਾ। ਸਤਿਨਾਮ-ਵਾਹਿਗੁਰੂ ਦਾ ਜਾਪ ਕਰਦੇ ਹੋਏ, ਹਜ਼ਾਰਾਂ ਲੋਕਾਂ ਨੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀਕੇ ਦੀ ਸਾਂਝੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ, ਰਾਜ ਦਫ਼ਤਰ ਤੋਂ ਸੰਸਦ ਵੱਲ ਰੋਸ ਮਾਰਚ ਸ਼ੁਰੂ ਕੀਤਾ। ਪਰ ਦਿੱਲੀ ਪੁਲਿਸ ਨੇ ਉਨ੍ਹਾਂ ਨੂੰ ਗੁਰਦੁਆਰਾ ਰਕਾਬਗੰਜ ਸਾਹਿਬ ਚੌਕ 'ਤੇ ਬੈਰੀਕੇਡਿੰਗ ਕਰਕੇ ਰੋਕ ਦਿੱਤਾ। ਜਿਸ ਤੋਂ ਬਾਅਦ ਦੋਵਾਂ ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਮਾਸਟਰ ਤਾਰਾ ਸਿੰਘ ਦੇ ਬੁੱਤ ਸਾਹਮਣੇ ਸੰਗਤ ਨੂੰ ਸੰਬੋਧਨ ਕੀਤਾ। ਅਕਾਲੀ ਆਗੂਆਂ ਨੇ ਦੋਸ਼ ਲਗਾਇਆ ਕਿ ਦਿੱਲੀ ਸਰਕਾਰ ਦੇ ਮੰਤਰੀਆਂ ਵੱਲੋਂ ਦਿੱਲੀ ਕਮੇਟੀ ਦੇ ਦੋ ਚੁਣੇ ਹੋਏ ਮੈਂਬਰਾਂ ਦੀ ਮੈਂਬਰਸ਼ਿਪ ਸਿਆਸੀ ਦੁਰਭਾਵਨਾ ਕਾਰਨ ਰੱਦ ਕੀਤੇ ਜਾਣ ਦੇ ਵਿਰੋਧ ਵਿੱਚ ਅੱਜ ਹਜ਼ਾਰਾਂ ਧਾਰਮਿਕ ਸਿੱਖ ਇੱਥੇ ਇਕੱਠੇ ਹੋਏ ਹਨ। ਇਸ ਮੌਕੇ ਦਿੱਲੀ ਪੁਲਿਸ ਨੇ ਪ੍ਰਦਰਸ਼ਨਕਾਰੀਆਂ ਨੂੰ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਦਾ ਪੁਤਲਾ ਸਾੜਨ ਨਹੀਂ ਦਿੱਤਾ ਅਤੇ ਪੁਤਲਾ ਫਾੜ ਦਿੱਤਾ ਗਿਆ। ਜਿਸ ਕਾਰਨ ਝੜਪ ਕਾਫ਼ੀ ਸਮੇਂ ਤੱਕ ਜਾਰੀ ਰਹੀ। ਇਸ ਮੌਕੇ ਸਰਨਾ ਨੇ ਦਾਅਵਾ ਕੀਤਾ ਕਿ ਭਾਜਪਾ ਸਿੱਖਾਂ ਦੀਆਂ ਧਾਰਮਿਕ ਕਮੇਟੀਆਂ ਵਿੱਚ ਲਗਾਤਾਰ ਦਖਲਅੰਦਾਜ਼ੀ ਕਰ ਰਹੀ ਹੈ। ਹਜ਼ੂਰ ਸਾਹਿਬ, ਪਟਨਾ ਸਾਹਿਬ, ਹਰਿਆਣਾ ਕਮੇਟੀ ਤੋਂ ਬਾਅਦ ਹੁਣ ਇਹ ਰਾਜਨੀਤਿਕ ਦਖਲਅੰਦਾਜ਼ੀ ਦਿੱਲੀ ਕਮੇਟੀ ਤੱਕ ਪਹੁੰਚ ਗਈ ਹੈ। ਸਾਡੇ ਦੋ ਚੁਣੇ ਹੋਏ ਦਿੱਲੀ ਕਮੇਟੀ ਮੈਂਬਰਾਂ ਨੂੰ ਕੱਢ ਦਿੱਤਾ ਗਿਆ ਹੈ ਅਤੇ ਕਥਿਤ ਸ਼ਰਾਬੀਆਂ ਅਤੇ ਕਸਾਈਆਂ ਨੂੰ ਕਮੇਟੀ ਮੈਂਬਰ ਬਣਾਇਆ ਗਿਆ ਹੈ। ਇਹ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿੱਚ ਸਰਕਾਰ ਦੀ ਸਿੱਧੀ ਦਖਲਅੰਦਾਜ਼ੀ ਹੈ। ਪ੍ਰਧਾਨ ਮੰਤਰੀ ਅਤੇ ਕੇਂਦਰੀ ਗ੍ਰਹਿ ਮੰਤਰੀ ਬਹੁਤ ਸਮਝਦਾਰ ਹਨ, ਉਨ੍ਹਾਂ ਨੂੰ ਸਮੇਂ ਨੂੰ ਸਮਝ ਕੇ ਫੈਸਲੇ ਲੈਣੇ ਚਾਹੀਦੇ ਹਨ, ਕਿਉਂਕਿ ਇਹ ਕੰਮ ਭਾਜਪਾ ਨੂੰ ਬਹੁਤ ਮਹਿੰਗਾ ਪਵੇਗਾ। ਦਿੱਲੀ ਹਾਈ ਕੋਰਟ ਤੋਂ ਅਨੈਤਿਕ ਢੰਗ ਨਾਲ ਪਟੀਸ਼ਨ ਵਾਪਸ ਲੈਣ ਤੋਂ ਬਾਅਦ ਭੱਜਣ ਵਾਲੇ ਲੋਕਾਂ ਨੂੰ ਦਿੱਲੀ ਕਮੇਟੀ ਦਾ ਮੈਂਬਰ ਬਣਾਉਣ ਦੀ ਗਲਤੀ ਕੀਤੀ ਗਈ ਹੈ। ਸਰਨਾ ਨੇ ਕਿਹਾ ਕਿ ਮਾਸਟਰ ਤਾਰਾ ਸਿੰਘ ਦੀ ਉਂਗਲੀ ਅਜੇ ਵੀ ਦੇਸ਼ ਦੀ ਸੰਸਦ ਵੱਲ ਹੈ। ਇਹ ਇਸ ਗੱਲ ਦਾ ਸੰਕੇਤ ਹੈ ਕਿ ਸਰਕਾਰ ਨੂੰ ਆਜ਼ਾਦੀ ਸਮੇਂ ਉਨ੍ਹਾਂ ਨਾਲ ਕੀਤੇ ਵਾਅਦੇ ਪੂਰੇ ਕਰਨੇ ਚਾਹੀਦੇ ਹਨ ਪਰ ਸਰਕਾਰ ਸਿੱਖਾਂ ਨਾਲ ਟਕਰਾਅ ਦੇ ਰਾਹ 'ਤੇ ਚੱਲ ਰਹੀ ਹੈ। ਜੀ.ਕੇ. ਨੇ ਕਿਹਾ ਕਿ ਅਸੀਂ ਇਹ ਲੜਾਈ ਸੜਕਾਂ ਤੋਂ ਲੈ ਕੇ ਅਦਾਲਤਾਂ ਤੱਕ ਲੜਾਂਗੇ ਅਤੇ ਸਰਕਾਰ ਦੇ ਬੇਇਨਸਾਫ਼ੀ ਅਤੇ ਅਨੈਤਿਕ ਕੰਮਾਂ ਦਾ ਵਿਰੋਧ ਕਰਾਂਗੇ। ਕਿਉਂਕਿ ਸਰਕਾਰ ਨੇ ਲੋਕਤੰਤਰ ਦਾ ਕਤਲ ਕੀਤਾ ਹੈ। ਅਸੀਂ ਢੁਕਵਾਂ ਜਵਾਬ ਦੇਵਾਂਗੇ, ਇੱਕ ਸਰਕਾਰੀ ਕਲਰਕ ਨੂੰ ਅੱਗੇ ਰੱਖ ਕੇ, ਅਸੀਂ ਸੰਗਤ ਦੇ ਸਾਹਮਣੇ ਪਰਦੇ ਪਿੱਛੇ ਇਹ ਖੇਡ ਖੇਡਣ ਵਾਲਿਆਂ ਨੂੰ ਬੇਨਕਾਬ ਕਰਾਂਗੇ। ਸਾਡਾ ਗੁੱਸਾ ਦਿੱਲੀ ਸਰਕਾਰ ਅਤੇ ਦਿੱਲੀ ਕਮੇਟੀ ਦੋਵਾਂ ਵਿਰੁੱਧ ਹੈ। ਕਿਉਂਕਿ ਦਿੱਲੀ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ, ਦਿੱਲੀ ਸਰਕਾਰ ਆਮ ਚੋਣਾਂ ਲਈ ਵੋਟਰ ਬਣਾਉਣ ਦੀ ਬਜਾਏ ਚੋਰ ਮੋਰੀ ਰਾਹੀਂ ਗੈਰ-ਕਾਨੂੰਨੀ ਤੌਰ 'ਤੇ ਮੈਂਬਰਾਂ ਦਾ ਤਬਾਦਲਾ ਕਰ ਰਹੀ ਹੈ। ਜਿਨ੍ਹਾਂ ਮੈਂਬਰਾਂ ਦੀ ਮੈਂਬਰਸ਼ਿਪ ਖਤਮ ਕੀਤੀ ਗਈ ਸੀ, ਉਨ੍ਹਾਂ ਨੂੰ ਕੋਈ ਅਗਾਊਂ ਸੂਚਨਾ ਨਹੀਂ ਦਿੱਤੀ ਗਈ ਸੀ ਅਤੇ ਜਿਨ੍ਹਾਂ ਨੂੰ ਨਵੇਂ ਮੈਂਬਰ ਬਣਾਇਆ ਗਿਆ ਸੀ, ਉਨ੍ਹਾਂ ਦੀ ਯੋਗਤਾ ਦਿੱਲੀ ਕਮੇਟੀ ਦੀ ਧਾਰਾ 10 ਤਹਿਤ ਨਹੀਂ ਜਾਂਚੀ ਗਈ ਸੀ ਅਤੇ ਨਾ ਹੀ ਉਨ੍ਹਾਂ ਦਾ ਗੁਰਮੁਖੀ ਭਾਸ਼ਾ ਦਾ ਟੈਸਟ ਲਿਆ ਗਿਆ ਸੀ। ਇਸ ਮੌਕੇ ਦਿੱਲੀ ਕਮੇਟੀ ਦੇ ਕਈ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਅਧਿਕਾਰੀ ਅਤੇ ਵਰਕਰ ਮੌਜੂਦ ਸਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ॥

# ਅੰਮ੍ਰਿਤ ਸੰਚਾਰ

☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।



**ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ**

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਇੱਕ ਨਜ਼ਰ ...



## ਪਿੰਡ ਟਕਾਪੁਰ ਵਿੱਚ ਸਹੀਦਾਂ ਸਿੰਘਾ ਦੀ ਯਾਦ ਵਿੱਚ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ

ਚੌਕ ਮਹਿਤਾ, 8 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਪਿੰਡ ਟਕਾਪੁਰ ਦੀਆਂ ਸਮੂਹ ਸੰਗਤਾਂ ਵੱਲੋਂ ਸ਼ਹੀਦਾਂ ਦੇ ਸਿਰਤਾਜ ਪੰਚਮ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਠੰਢੇ ਮਿੱਠੇ ਜਲ ਅਤੇ ਭੰਗੂਰ ਪ੍ਰਸ਼ਾਦ ਦੀ ਛਬੀਲ ਲਗਾਈ ਗਈ। ਇਸ ਮੌਕੇ ਗ੍ਰੰਥੀ ਭਾਈ ਬਿਕਰਮਜੀਤ ਸਿੰਘ, ਸਰਪੰਚ ਗਿਆਨ ਸਿੰਘ, ਹਰਪਾਲ ਸਿੰਘ ਸਾਬਕਾ ਸਰਪੰਚ ਬਲਵਿੰਦਰ ਸਿੰਘ ਸੈਕਟਰੀ ਮੈਂਬਰ, ਗੁਰਬਖ਼ਿਸ਼ੰਦਰ ਸਿੰਘ ਮੈਂਬਰ, ਸੁਖਦੇਵ ਸਿੰਘ ਜੀ ਓ ਜੀ, ਗੁਰਦੇਵ ਸਿੰਘ ਮੈਂਬਰ, ਡਾਕਟਰ ਹਰਜੀਤ ਸਿੰਘ, ਸੁਖਦੇਵ ਸਿੰਘ ਪ੍ਰਧਾਨ , ਸੁਖਦੇਵ ਸਿੰਘ ਕਿਸਾਨ ਆਗੂ, ਹਰਪਾਲ ਸਿੰਘ ਫੋਰਮੈਨ , ਹਰਵੰਤ ਸਿੰਘ, ਜਰਮਨ ਸਿੰਘ, ਹਰਮਨ ਸਿੰਘ, ਸੁਖਦੇਵ ਸਿੰਘ ਛੇਗੀ, ਬਲਦੇਵ ਸਿੰਘ ਫੌਜੀ, ਲਵਪ੍ਰੀਤ ਸਿੰਘ ਫੌਜੀ, ਹਰਪ੍ਰੀਤ ਸਿੰਘ, ਸੁਖਦੇਵ ਸਿੰਘ, ਬਲਜੀਤ ਸਿੰਘ, ਬਲਜੀਤ ਸਿੰਘ ਸੋਨਾ, ਗੁਰਤਾਜ ਸਿੰਘ, ਅੰਮ੍ਰਿਤਪਾਲ ਸਿੰਘ, ਗੁਰਸ਼ਾਨ ਸਿੰਘ, ਵਿਜੇ ਪ੍ਰਤਾਪ ਸਿੰਘ, ਜਸ਼ਨਦੀਪ ਸਿੰਘ, ਅਰਸ਼ਦੀਪ ਸਿੰਘ ਅਤੇ ਹੋਰ ਬਹੁਤ ਸਾਰੇ ਸੇਵਾਦਾਰਾਂ ਨੇ ਸੰਗਤਾਂ ਦੀ ਸੇਵਾ ਕੀਤੀ।



ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੇ ਮੁੱਖ ਗਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਅਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੇ ਗ੍ਰੰਥੀ ਗਿਆਨੀ ਪਰਵਿੰਦਰਪਾਲ ਸਿੰਘ ਬੁੱਟਰ ਨਾਲ ਇੱਕ ਧਾਰਮਿਕ ਸਮਾਗਮ ਤੇਰੀ ਓਟ ਆਸੀਆਨ ਗਦਲੀ ਦੇ ਮੁੱਖੀ ਅਤੇ ਸਿੱਖ ਪੰਥ ਦੇ ਮਹਾਨ ਕਥਾਵਾਚਕ ਸਿੰਘ ਸਾਹਿਬ ਗਿਆਨੀ ਭੁਪਿੰਦਰ ਸਿੰਘ ਗਦਲੀ ( ਸ੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ) ਨਾਲ ਇੱਕ ਧਾਰਮਿਕ ਸਮਾਗਮ ਵਿੱਚ ਵਿਚਾਰਾਂ ਕਰਦੇ ਹੋਏ ਅਤੇ ਨਾਲ ਹੋਰ ਵੀ ਨਿਹੰਗ ਸਿੰਘ ਪੰਥ ਦੇ ਆਗੂ ਹਾਜ਼ਰ ਸਨ।

**ਫੋਟੋ ਅਤੇ ਵੇਰਵਾ : ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ**

## ਦਿੱਲੀ ਗੁਰਦੁਆਰਾ ਕਮੇਟੀ ਨੇ ਸਰਦਾਰ ਸੁਖਦੇਵ ਸਿੰਘ ਢੀਂਡਸਾ ਨੂੰ ਦਿੱਤੀ ਸ਼ਰਧਾਂਜਲੀ



ਨਵੀਂ ਦਿੱਲੀ, 8 ਜੂਨ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਮਰਹੂਮ ਪੰਥਕ ਆਗੂ ਸਰਦਾਰ ਸੁਖਦੇਵ ਸਿੰਘ ਢੀਂਡਸਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਹੈ ਕਿ ਉਹਨਾਂ ਵੱਲੋਂ ਪੰਥ ਵਾਸਤੇ ਪਾਏ ਯੋਗਦਾਨ ਦਾ ਕੋਈ ਸਾਨੀ ਨਹੀਂ ਹੈ। ਦੋਵਾਂ ਆਗੂਆਂ ਨੇ ਸਰਦਾਰ ਢੀਂਡਸਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਸਰਦਾਰ ਸੁਖਦੇਵ ਸਿੰਘ ਢੀਂਡਸਾ ਪੰਥ ਦੇ ਇਕ ਵੱਡੇ ਆਗੂ ਸਨ ਜੋ ਸਰਪੰਚ ਦੇ ਅਹੁਦੇ ਤੋਂ ਲੈ ਕੇ ਕੇਂਦਰੀ ਕੈਬਨਿਟ ਮੰਤਰੀ ਦੇ ਅਹੁਦਿਆਂ ਤੱਕ ਆਪਣੀ ਕਾਬਲੀਅਤ ਸਦਕਾ ਪਹੁੰਚੇ। ਉਹਨਾਂ ਕਿਹਾ ਕਿ ਇਹ ਸਰਦਾਰ ਢੀਂਡਸਾ ਦੀ ਸ਼ਖਸੀਅਤ ਸੀ ਜਿਸਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਵੀ ਪ੍ਰਭਾਵਤ ਕੀਤਾ ਤੇ ਅੱਜ ਸ੍ਰੀ ਮੋਦੀ ਨੇ ਉਹਨਾਂ ਦੇ ਭੋਗ 'ਤੇ ਆਪਣਾ ਸ਼ੋਕ ਸੰਦੇਸ਼ ਭੇਜ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਉਹਨਾਂ ਕਿਹਾ ਕਿ ਸਰਦਾਰ ਢੀਂਡਸਾ ਦੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਬਹੁਤ ਚੰਗੇ, ਗੂੜੇ ਤੇ ਨਿੱਘੇ ਸੰਬੰਧ ਸਨ ਤੇ ਉਹ ਹਮੇਸ਼ਾ ਕਮੇਟੀ ਨੂੰ ਗੁਰਧਾਮਾਂ ਦੀ ਸੰਭਾਲ ਤੇ ਮਨੁੱਖਤਾ ਦੀ ਸੇਵਾ ਵਾਸਤੇ ਸਹੀ ਮਾਰਗ ਦਰਸ਼ਨ ਦਿੰਦੇ ਸਨ। ਉਹਨਾਂ ਕਿਹਾ ਕਿ ਸਰਦਾਰ ਢੀਂਡਸਾ ਨੇ ਹਮੇਸ਼ਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਪੰਥ ਦੀ ਭਲਾਈ ਵਾਸਤੇ ਕੰਮ ਕੀਤਾ ਤੇ ਹਮੇਸ਼ਾ ਸਿੱਖ ਕੌਮ ਨੂੰ ਇਹੀ ਸੰਦੇਸ਼ ਦਿੱਤਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਹੀ ਸਾਡੇ ਵਾਸਤੇ ਸਰਵਉੱਚ ਹੈ ਤੇ ਉਸਦੀ ਅਗਵਾਈ ਹੇਠ ਹੀ ਅਸੀਂ ਪੰਥ ਦੀ ਸੇਵਾ ਵਾਸਤੇ ਤਤਪਰ ਹਾਂ। ਉਹਨਾਂ ਕਿਹਾ ਕਿ ਸਰਦਾਰ ਢੀਂਡਸਾ ਦੇ ਯੋਗਦਾਨ ਨੂੰ ਸ਼ਬਦਾਂ ਵਿਚ ਬਿਆਨ ਨਹੀਂ ਕੀਤਾ ਜਾ ਸਕਦਾ ਤੇ ਜਿੰਨਾ ਕੁਝ ਵੀ ਕਿਹਾ ਜਾਵੇ ਉਹ ਥੋੜ੍ਹਾ ਹੈ। ਉਹਨਾਂ ਕਿਹਾ ਕਿ ਪੰਥ ਨੇ ਅਜਿਹਾ ਆਗੂ ਗੁਆ ਲਿਆ ਹੈ ਜਿਸਦੀ ਸਿਆਣਪ ਹਮੇਸ਼ਾ ਰੜਕਦੀ ਰਹੇਗੀ। ਇਸ ਮੌਕੇ ਦਿੱਲੀ ਗੁਰਦੁਆਰਾ ਕਮੇਟੀ ਦੇ ਮੈਂਬਰ ਸਰਦਾਰ ਭੁਪਿੰਦਰ ਸਿੰਘ ਭੁੱਲਰ ਤੇ ਹੋਰ ਸ਼ਖਸੀਅਤਾਂ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ. ਸਿਮਰਨਜੀਤ ਸਿੰਘ ਮਾਨ ਨੇ 9 ਸਾਲ ਦੀ ਬੱਚੀ ਮਨਜਾਪ ਕੌਰ ਗਿੱਲ ਨੂੰ ਚਿਲਡਰਨ ਵਿੰਗ ਦੀ ਪ੍ਰਧਾਨ ਨਿਯੁਕਤ ਕੀਤਾ

- ਮਨਜਾਪ ਕੌਰ ਗਿੱਲ ਨੂੰ ਮਾਨ ਸਾਹਿਬ ਨੇ ਸਿਰੋਪਾਉ ਭੇਂਟ ਕਰਕੇ ਬੱਚੀ ਦੀ ਹੌਂਸਲਾ ਅਫਜਾਈ ਕੀਤੀ
- ਕੌਮ ਦੇ ਜਰਨੈਲ ਦਾ ਉਨਾਂ ਲੋਕਾਂ ਨੂੰ ਸੁਨੇਹਾ ਹੈ ਜੋ ਅੱਜ ਵੀ ਧੀਆਂ ਦੇ ਜਨਮ ਨੂੰ ਮਾੜਾ ਸਮਝਦੇ ਹਨ ਜਾਂ ਧੀਆਂ ਦੀ ਬੇਕਦਰੀ ਕਰਦੇ ਹਨ-ਰਸ਼ਿਪੰਦਰ ਕੌਰ ਗਿੱਲ







ਅੰਮ੍ਰਿਤਸਰ, 8 ਜੂਨ (ਰਸ਼ਿਪੰਦਰ ਕੌਰ ਗਿੱਲ)- ਮਨਜਾਪ ਕੌਰ ਗਿੱਲ ਦੀ ਜ਼ਿੰਦਗੀ ਦਾ ਦਿਨ 7 ਜੂਨ 2025 ਯਾਦਗਿਰੀ ਬਣ ਕੇ ਰਹਿ ਗਿਆ। ਜਦੋਂ ਸ. ਸਿਮਰਨਜੀਤ ਸਿੰਘ ਮਾਨ ਜੀ ਨੇ ਉਸਨੂੰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਦੀ ਚਿਲਡਰਨ ਵਿੰਗ ਦੀ ਪ੍ਰਧਾਨ ਨਿਯੁਕਤ ਕੀਤਾ। ਮਨਜਾਪ ਕੌਰ ਗਿੱਲ ਨੂੰ ਇਹ ਸਨਮਾਨ ਇਸ ਲਈ ਦਿੱਤਾ ਗਿਆ ਕਿਉਂਕਿ ਉਹ ਆਪਣੀ ਮਾਤਾ ਰਸ਼ਿਪੰਦਰ ਕੌਰ ਗਿੱਲ ਜੋ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਇਸਤਰੀ ਵਿੰਗ ਪੰਜਾਬ ਦੇ ਜਨਰਲ ਸਕੱਤਰ ਹਨ ਦੇ ਨਾਲ ਪਾਰਟੀ ਦੀ ਹਰ ਮੀਟਿੰਗ ਵਿੱਚ, ਪਾਰਟੀ ਵੱਲੋਂ ਆਯੋਜਿਤ ਹਰ ਸਮਾਗਮ ਵਿੱਚ ਅਤੇ ਪਾਰਟੀ ਦੇ ਚੋਣ ਪ੍ਰਚਾਰ ਵਿੱਚ ਪਹੁੰਚਦੀ ਹੈ। ਬੇਸ਼ੱਕ ਨਾਸਮਝੀ ਵਿੱਚ ਹੀ ਉਹ ਪਾਰਟੀ ਦੇ ਹਰ ਆਯੋਜਨ ਵਿੱਚ ਵਿਚਰਦੀ ਹੈ ਪਰ ਪਾਰਟੀ ਦਾ ਹੁਣ ਇਹ ਬੱਚੀ ਅੰਗ ਬਣ ਚੁੱਕੀ ਹੈ। ਮਾਨ ਸਾਹਿਬ ਦਾ ਬੱਚਿਆਂ ਨਾਲ ਲਗਾਵ ਇਹ ਵੀ ਦਰਸਾਉਂਦਾ ਹੈ ਕਿ ਉਹ ਚਾਹੁੰਦੇ ਹਨ ਕਿ ਪੰਜਾਬ ਦੀ ਅਗਲੇਰੀ ਪੀੜੀ ਵੀ ਸੁਹਿਰਦਤਾ ਨਾਲ ਪੰਥ ਅਤੇ ਪੰਜਾਬ ਦੀ ਸੇਵਾ ਕਰਣ। ਮਾਨ ਸਾਹਿਬ ਜਿੱਥੇ ਨੌਜਵਾਨਾਂ ਨੂੰ ਉਤਸ਼ਾਹ ਦਿੰਦੇ ਦਿੱਸਦੇ ਹਨ ਉੱਥੇ ਹੀ ਉਹ ਹੁਣ ਬੱਚਿਆਂ ਦੀ ਇਸ ਫੁਲਵਾੜੀ ਨੂੰ ਵੀ ਸੰਭਾਲਣ ਦੀ ਕੋਸ਼ਸ਼ ਕਰ ਰਹੇ ਹਨ। ਮਨਜਾਪ ਕੌਰ ਗਿੱਲ ਨੂੰ ਮਾਨ ਸਾਹਿਬ ਨੇ ਸਿਰੋਪਾਉ ਭੇਂਟ ਕਰਕੇ ਬੱਚੀ ਦੀ ਹੌਂਸਲਾ ਅਫਜਾਈ ਕੀਤੀ। ਮਨਜਾਪ ਕੌਰ ਗਿੱਲ ਦੀ ਨਿਯੁਕਤੀ ਸਮੇਂ ਉਸਦੀ ਮਾਤਾ ਰਸ਼ਿਪੰਦਰ ਕੌਰ ਗਿੱਲ ਜਨਰਲ ਸਕੱਤਰ ਇਸਤਰੀ ਵਿੰਗ ਪੰਜਾਬ, ਹਰਪਾਲ ਸਿੰਘ ਬਲੇਅਰ ਜਨਰਲ ਸਕੱਤਰ, ਉਪਕਾਰ ਸੰਧੂ ਜਨਰਲ ਸਕੱਤਰ, ਉਪਿੰਦਰ ਪ੍ਰਤਾਪ ਸਿੰਘ ਪੀ.ਏ ਸ. ਸਿਮਰਨਜੀਤ ਸਿੰਘ ਮਾਨ, ਹਰਮਨਦੀਪ ਸਿੰਘ ਸ਼ਹਿਰੀ ਪ੍ਰਧਾਨ ਜ਼ਿਲਾ ਅੰਮ੍ਰਿਤਸਰ, ਪਰਮਜੀਤ ਸਿੰਘ ਸੁੱਖ ਜਨਰਲ ਸਕੱਤਰ ਮਾਝਾ ਜੋਨ, ਜਸਬੀਰ ਸਿੰਘ ਬੱਚੜੇ ਜਥੇਬੰਧਕ ਸਕੱਤਰ ਮਾਝਾ ਜ਼ੋਨ ਵੀ ਸ਼ਾਮਿਲ ਸਨ।

## ਕਿਤਾਬਾਂ ਅਤੇ ਜੀਵਨ ਦੇ ਪਾਠ



ਪ੍ਰਾਚੀਨ ਸਮਿਆਂ ਤੋਂ ਮਨੁੱਖ ਆਪਣੀਆਂ ਭਾਵਨਾਵਾਂ ਅਤੇ ਅਹਿਸਾਸਾਂ ਨੂੰ ਚਿੱਤਰਕਲਾ ਅਤੇ ਪ੍ਰਤੀਕਾਤਮਕ ਪ੍ਰਤੀਨਿਧੀ ਰਾਹੀਂ ਪ੍ਰਗਟ ਕਰਨ ਵਿੱਚ ਰੁਚੀ ਰੱਖਦੇ ਸਨ। ਹੌਲੀ ਹੌਲੀ ਇਸ ਜਿਗਿਆਸਾ ਅਤੇ ਪਿਆਰ ਨੇ ਆਪਣੇ ਅੰਦਰੂਨੀ ਰੂਹ ਨੂੰ ਦਰਸਾਉਣ ਦੀ ਕੋਸ਼ਿਸ਼ ਕੀਤੀ ਅਤੇ ਭਾਸ਼ਾ ਵਿਕਸਤ ਹੋਣ ਲੱਗੀ। ਸਮੇਂ ਦੇ ਨਾਲ-ਨਾਲ ਦੁਨੀਆ ਭਰ ਵਿੱਚ ਵੱਖ-ਵੱਖ ਅੱਖਰਾਂ ਦਾ ਜਨਮ ਹੋਇਆ। ਇਸ ਨੇ ਵੱਖ-ਵੱਖ ਭਾਸ਼ਾਵਾਂ ਨੂੰ ਜਨਮ ਦਿੱਤਾ। ਜਿਵੇਂ ਜਿਵੇਂ ਭਾਸ਼ਾਵਾਂ ਪੱਕੀਆਂ ਹੋਈਆਂ, ਲਿਖਾਈ ਵੀ ਫਲਫਲਾਉਣ ਲੱਗੀ। ਆਧਿਆਤਮਿਕਤਾ, ਕੁਦਰਤ, ਪਿਆਰ, ਇੱਛਾ, ਯੁੱਧ, ਬਹਾਦਰੀ ਅਤੇ ਹੋਰਾਂ ਨੇ ਪ੍ਰਾਚੀਨ ਲਿਖਾਈ ਦੇ ਮੂਲ ਨੂੰ ਬਣਾਇਆ। ਇਹ ਲਿਖਾਈਆਂ ਬਾਅਦ ਵਿੱਚ ਇਕੱਠੀਆਂ ਕੀਤੀਆਂ ਗਈਆਂ ਅਤੇ ਕਿਤਾਬਾਂ ਬਣਾਈਆਂ ਗਈਆਂ। ਕਿਤਾਬਾਂ ਗਿਆਨ ਦਾ ਇੱਕ ਸਿਰਫ ਸਰੋਤ ਨਹੀਂ ਸਨ, ਬਲਕਿ ਇਹ ਮਨੁੱਖਾਂ ਨਾਲ ਇਕ ਸਦੀਵੀ ਰਿਸ਼ਤਾ ਬਣਾਉਂਦੀਆਂ ਸਨ। ਦੋਸਤੀ, ਭਰੋਸਾ, ਤਾਕਤ, ਆਧਿਆਤਮਿਕਤਾ ਅਤੇ ਸਮਾਜਵਾਦ ਦਾ ਰਿਸ਼ਤਾ। ਅੱਜਕੱਲ੍ਹ ਜਦੋਂ ਪੀੜ੍ਹੀ ਡਿਜੀਟਲਾਈਜ਼ੇਸ਼ਨ ਵੱਲ ਵਧ ਰਹੀ ਹੈ, ਤਾਂ ਕਿਤਾਬਾਂ ਪੜ੍ਹਨ ਦੇ ਸ਼ੌਕ ਵਿੱਚ ਨਿਗਾਰ ਆਇਆ ਹੈ।ਪਹਿਲਾ ਕਿਤਾਬਾਂ ਹਰ ਘਰ ਦਾ ਹਿੱਸਾ ਸਨ, ਪਰ ਹੁਣ ਇਹ ਖਤਮ ਹੋਣ ਦੇ ਕਿਨਾਰੇ ਹਨ। ਕਿਤਾਬਾਂ ਗਿਆਨ ਦਾ ਸਰੋਤ ਨਹੀਂ ਹਨ, ਬਲਕਿ ਇਹ ਮਨੁੱਖਾਂ ਨਾਲ ਇੱਕ ਗਹਿਰਾ ਰਿਸ਼ਤਾ ਸਾਂਝਾ ਕਰਦੀਆਂ ਹਨ। ਕਿਤਾਬਾਂ ਸਾਡੇ ਜੀਵਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ, ਖਾਸ ਕਰਕੇ ਬੱਚਿਆਂ ਲਈ। ਕਿਤਾਬਾਂ ਪੜ੍ਹਨ ਨਾਲ ਵਿਦਿਆਰਥੀਆਂ ਦਾ ਗਿਆਨ ਵਧਦਾ ਹੈ, ਉਹਨਾਂ ਦੀ ਬੁੱਧੀ ਵਿੱਚ ਸੁਧਾਰ ਹੁੰਦਾ ਹੈ, ਅਤੇ ਉਹਨਾਂ ਨੂੰ ਦੁਨੀਆ ਭਰ ਦੇ ਵੱਖ-ਵੱਖ ਸਮਾਜਾਂ ਅਤੇ ਸਭਿਆਚਾਰਾਂ ਦੀ ਜਾਣਕਾਰੀ ਮਿਲਦੀ ਹੈ। ਇਸ ਤੋਂ ਇਲਾਵਾ ਕਿਤਾਬਾਂ ਪੜ੍ਹਨ ਨਾਲ ਵਿਦਿਆਰਥੀਆਂ ਦੇ ਮਨ ਵਿੱਚ ਕਲਪਨਾ ਅਤੇ ਰਚਨਾਤਮਕਤਾ ਵਧਦੀ ਹੈ। ਜਟਿਲ ਕਹਾਣੀਆਂ ਅਤੇ ਬਹੁਤ ਸਾਰੇ ਵਿਚਾਰਾਂ ਨਾਲ ਜੁੜਨ ਦੀ ਪ੍ਰਕਿਰਿਆ ਸੰਵੇਦਨਸ਼ੀਲ ਸੋਚ ਨੂੰ ਉਤਸ਼ਾਹਿਤ ਕਰਦੀ ਹੈ। ਪੜ੍ਹਨ ਵਾਲੇ ਸਥਿਤੀਆਂ ਦਾ ਵਿਸ਼ਲੇਸ਼ਣ ਕਰਨਾ, ਧਾਰਣਾ ਨੂੰ ਸਵਾਲ ਕਰਨਾ, ਅਤੇ ਆਪਣੇ ਆਪ ਦੇ ਵਿਸ਼ਵਾਸਾਂ 'ਤੇ ਵਿਚਾਰ ਕਰਨਾ ਸਿਖਦੇ ਹਨ, ਜਿਸ ਨਾਲ ਸਮੱਸਿਆ ਹੱਲ ਕਰਨ ਦੇ ਲਈ ਸੋਚਣ ਦਾ ਇੱਕ ਵਿਚਾਰਸ਼ੀਲ ਤਰੀਕਾ ਵਿਕਸਤ ਹੁੰਦਾ ਹੈ। ਕਿਤਾਬਾਂ ਪੜ੍ਹਨਾ ਵਿਦਿਆਰਥੀਆਂ ਲਈ ਕਈ ਤਰੀਕਿਆਂ ਨਾਲ ਮਹੱਤਵਪੂਰਨ ਹੋ ਸਕਦਾ ਹੈ, ਜਿਸ ਵਿੱਚ ਸ਼ਾਮਲ ਹਨ: ਕਿਤਾਬਾਂ ਪੜ੍ਹਨ ਨਾਲ ਵਿਦਿਆਰਥੀਆਂ ਨੂੰ ਵੱਖ-ਵੱਖ ਸਭਿਆਚਾਰਾਂ ਅਤੇ ਸਮਾਜਾਂ ਬਾਰੇ ਜਾਣਕਾਰੀ ਮਿਲਦੀ ਹੈ ਅਤੇ ਉਹਨਾਂ ਦਾ ਗਿਆਨ ਵਧਦਾ ਹੈ। ਕਿਤਾਬਾਂ ਦੀ ਲਗਾਤਾਰ ਪੜ੍ਹਾਈ ਵਿਦਿਆਰਥੀਆਂ ਦੀ ਸ਼ਬਦਾਵਲੀ, ਸੰਚਾਰ ਦੇ ਹੁਨਰ ਅਤੇ ਪੜ੍ਹਨ ਲਿਖਣ ਦੇ ਹੁਨਰਾਂ ਵਿੱਚ ਸੁਧਾਰ ਕਰਨ ਵਿੱਚ ਮਦਦ ਕਰ ਸਕਦੀ ਹੈ। ਕਿਤਾਬਾਂ ਵਿਦਿਆਰਥੀਆਂ ਦੀ ਕਲਪਨਾ ਅਤੇ ਰਚਨਾਤਮਕਤਾ ਨੂੰ ਵਧਾਉਣ ਵਿੱਚ ਮਦਦ ਕਰਦੀਆਂ ਹਨ। ਕਿਤਾਬਾਂ ਵਿਦਿਆਰਥੀਆਂ ਨੂੰ ਮਜ਼ਬੂਤ ਵਿਸ਼ਲੇਸ਼ਣਾਤਮਕ ਸੋਚ ਦੇ ਹੁਨਰ ਵਿਕਸਤ ਕਰਨ ਵਿੱਚ ਮਦਦ ਕਰਦੀ ਹੈ। ਕਿਤਾਬਾਂ ਵਿਦਿਆਰਥੀਆਂ ਦੀ ਕੇਂਦ੍ਰਿਤਤਾ ਅਤੇ ਧਿਆਨ ਵਿੱਚ ਸੁਧਾਰ ਕਰਨ ਵਿੱਚ ਮਦਦ ਕਰਦੀ ਹੈ। ਕਿਤਾਬਾਂ ਵਿਦਿਆਰਥੀਆਂ ਨੂੰ ਤਣਾਅ ਅਤੇ ਚਿੰਤਾ ਨੂੰ ਪ੍ਰਬੰਧਿਤ ਕਰਨ ਵਿੱਚ ਮਦਦ ਕਰਦੀ ਹੈ, ਕਿਉਂਕਿ ਇਹ ਮਾਨਸਿਕ ਭੱਜਣ ਦਾ ਇੱਕ ਸਾਧਨ ਪ੍ਰਦਾਨ ਕਰਦੀ ਹੈ। ਕਿਤਾਬਾਂ ਵਿਦਿਆਰਥੀਆਂ ਨੂੰ ਹਮਦਰਦੀ ਅਤੇ ਭਾਵਨਾਤਮਕ ਬੁੱਧੀ ਵਿਕਸਤ ਕਰਨ ਵਿੱਚ ਮਦਦ ਕਰਦੀ ਹੈ, ਕਿਉਂਕਿ ਇਹ ਉਨ੍ਹਾਂ ਨੂੰ ਕਹਾਣੀ ਦੇ ਪਾਤਰਾਂ ਦੀਆਂ ਮੁਸ਼ਕਲਾਂ ਅਤੇ ਭਾਵਨਾਵਾਂ ਨੂੰ ਸਮਝਣ ਦਾ ਮੌਕਾ ਦਿੰਦੀ ਹੈ। ਕਿਤਾਬਾਂ ਪੜ੍ਹਨ ਨਾਲ ਵਿਦਿਆਰਥੀਆਂ ਨੂੰ ਵਿਸ਼ਿਆਂ ਦੀ ਗਹਿਰਾਈ ਨਾਲ ਸਮਝ ਵਿਕਸਤ ਕਰਨ ਵਿੱਚ ਮਦਦ ਮਿਲਦੀ ਹੈ। ਕੁੱਲ ਮਿਲਾਕੇ, ਕਿਤਾਬਾਂ ਪੜ੍ਹਨੀਆਂ ਇੱਕ ਸਿਹਤਮੰਦ ਪ੍ਰਕਿਰਿਆ ਹੈ, ਜੋ ਸਿਹਤਮੰਦ ਜੀਵਨ ਲਈ ਜਰੂਰੀ ਹੈ, ਅਤੇ ਇਹ ਤੁਹਾਨੂੰ ਆਪਣੇ ਬਾਰੇ ਕਿਸੇ ਹੋਰ ਚੀਜ਼ ਨਾਲੋਂ ਜ਼ਿਆਦਾ ਆਤਮ-ਵਿਸ਼ਵਾਸੀ ਬਣਾਉਂਦੀ ਹੈ।

**ਸੁਰਿੰਦਰਪਾਲ ਸਿੰਘ, ਸ੍ਰੀ ਅੰਮ੍ਰਿਤਸਰ ਸਾਹਿਬ।**

## ਕੈਬਿਨਟ ਮੰਤਰੀ ਈ.ਟੀ.ਓ ਨੇ ਦੁਕਾਨਦਾਰਾਂ ਨੂੰ ਸੁਰੱਖਿਆ ਸੰਬੰਧੀ ਦਿੱਤਾ ਭਰੋਸਾ

# ਦੋਵਾਂ ਧਿਰਾਂ ਵਿਚਕਾਰ ਬਣੀ ਸਹਿਮਤੀ, ਪਹਿਲਾਂ ਦੀ ਤਰ੍ਹਾਂ ਖੁੱਲਣਗੀਆਂ ਦੁਕਾਨਾਂ: ਈ.ਟੀ.ਓ



ਜੰਡਿਆਲਾ ਗੁਰੂ 8 ਜੂਨ ( ਕੁਲਵੰਤ ਸਿੰਘ ਵਿਰਦੀ ) ਬੀਤੇ ਦਿਨ ਸਹਿਰ ਜੰਡਿਆਲਾ ਗੁਰੂ ਦੇ ਸਮੂਹ ਦੁਕਾਨਦਾਰਾਂ ਵਪਾਰੀਆਂ, ਆੜ੍ਹਤੀਆਂ ਅਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਆਪਣੀ ਆਵਾਜ ਨੂੰ ਪ੍ਰਸਾਸਨ ਦੇ ਆਲਾ ਅਧਿਕਾਰੀਆਂ ਤੱਕ ਪਹੁੰਚਾਉਣ ਲਈ ਇਕ ਮੀਟਿੰਗ ਕੀਤੀ ਗਈ ਇਸ ਮੀਟਿੰਗ ਦਾ ਮੁੱਖ ਏਜੰਡਾ ਗੈਂਗਸਟਰਾਂ ਵੱਲੋਂ ਲਗਾਤਾਰ ਫਿਰੌਤੀਆਂ ਮੰਗਣ ਤੇ ਸਹਿਰ ਵਿੱਚ ਗੋਲੀਆਂ ਚਲਾ ਕਿ ਦਹਿਸ਼ਤ ਦਾ ਮਾਹੌਲ ਪੈਦਾ ਕਰਨ ਵਿਰੁੱਧ ਬਜਾਰ ਬੰਦ ਰੱਖਣ ਦਾ ਫੈਸਲਾ ਕੀਤਾ ਗਿਆ ਸੀ ਇਸ ਮਸਲੇ ਨੂੰ ਲੈ ਕਿ ਹਲਕੇ ਦੇ ਵਿਧਾਇਕ ਕੈਬਿਨਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਵੱਲੋਂ ਅੱਜ 8 ਜੂਨ ਦਿਨ ਐਤਵਾਰ ਨੂੰ ਦੁਕਾਨਦਾਰਾਂ ਆਦਿ ਜਥੇਬੰਦੀਆਂ ਨਾਲ ਮੀਟਿੰਗ ਕੀਤੀ ਗਈ ਜਿਸ ਵਿੱਚ ਸ੍ਰ ਈ.ਟੀ.ਓ ਨੇ ਸਹਿਰ ਵਾਸੀਆਂ ਨੂੰ ਵਿਸਵਾਸ਼ ਦਿਵਾਇਆ ਕਿ ਇਨਾਂ ਫਿਰੌਤੀ ਦੇ ਮਸਲਿਆਂ ਨੂੰ ਲੈ ਕਿ ਪਲ ਪਲ ਤੇ ਪੁਲਿਸ ਪ੍ਰਸ਼ਾਸਨ ਨਾਲ ਮੇਰੀ ਗੱਲਬਾਤ ਹੋ ਰਹੀ ਹੈ ਪਹਿਲਾਂ ਜੋ ਘਟਨਾਵਾਂ ਵਾਪਰੀਆਂ ਉਹਨਾਂ ਦੇ ਦੋਸੀਆਂ ਨੂੰ ਸਾਡੀ ਪੁਲਿਸ ਨੇ ਗ੍ਰਿਫਤਾਰ ਕਰ ਲਿਆ ਹੈ ਬਾਕੀ ਜੋ ਹੁਣ ਕੁਝ ਦਿਨ ਪਹਿਲਾਂ ਘਟਨਾ ਵਾਪਰੀ ਉਸ ਘਟਨਾ ਨੂੰ ਅੰਜਾਮ ਦੇਣ ਵਾਲੇ ਦੋਸੀਆਂ ਦੇ ਕੋਲ ਅਸੀਂ ਪਹੁੰਚ ਚੁੱਕੇ ਹਾਂ ਦੋ ਤਿੰਨ ਦਿਨਾਂ ਤੱਕ ਗ੍ਰਿਫਤਾਰ ਕਰ ਲਏ ਜਾਣਗੇ ਜਿਸ ਦੀ ਜਾਣਕਾਰੀ ਸਹਿਰ ਵਾਸੀਆਂ ਨੂੰ ਦਿੱਤੀ ਜਾਵੇਗੀ ਅੱਗੇ ਉਨਾਂ ਕਿਹਾ ਕਿ ਸਹਿਰ ਜੰਡਿਆਲਾ ਗੁਰੂ ਮੇਰਾ ਆਪਣਾ ਸਹਿਰ ਹੈ ਅਤੇ ਇੱਥੋਂ ਦਾ ਹਰੇਕ ਵਸਨੀਕ ਮੇਰਾ ਪਰਿਵਾਰਕ ਮੈਂਬਰ ਹੈ ਮੈਂ ਵਿਸਵਾਸ਼ ਦਿਵਾਉਂਦਾ ਹਾਂ ਕਿ ਸਾਡੇ ਵੱਲੋਂ ਰਣਨੀਤੀ ਤਿਆਰ ਕੀਤੀ ਗਈ ਹੈ ਜਿਸ ਵਿੱਚ ਸਹਿਰ ਦੇ ਚੌਕਾਂ ਵਿੱਚ ਪੁਲਿਸ ਤੈਨਾਤ ਕੀਤੀ ਜਾਵੇਗੀ ਅਤੇ ਕੁਝ ਮੁਲਾਜ਼ਮ ਸਾਡੇ ਸਿਵਲ ਵਰਦੀ ਵਿੱਚ ਵੀ ਤਾਇਨਾਤ ਕੀਤੇ ਜਾਣਗੇ ਜੋ ਆਉਣ ਵਾਲੇ ਦਿਨਾਂ ਵਿੱਚ ਇਸ ਦਾ ਅਸਰ ਵਧੇਰੇ ਦਿਖਾਈ ਦੇਵੇਗਾ ਅਤੇ ਸ਼ਹਿਰ ਵਿੱਚ ਆਉਣ ਵਾਲੇ ਰਾਹਗੀਰਾਂ ਨੂੰ ਅਪੀਲ ਵੀ ਕੀਤੀ ਜਾਂਦੀ ਹੈ ਕਿ ਕੋਈ ਵੀ ਸਹਿਰ ਵਿੱਚ ਮੂੰਹ ਬੰਨ੍ਹ ਕਿ ਨਾ ਆਵੇ ਇਸ ਤੇ ਪੂਰਨ ਪਾਬੰਦੀ ਲਗਾਈ ਗਈ ਹੈ ਅੱਗੇ ਉਨਾਂ ਕਿਹਾ ਕਿ ਸਹਿਰ ਵਿੱਚ ਜਾਂ ਇਲਾਕੇ ਵਿੱਚ ਕਿਸੇ ਦੇ ਘਰ ਕੋਈ ਕਿਰਾਏ ਤੇ ਰਹਿ ਰਿਹਾ ਹੈ ਉਸ ਦੀ ਜਾਣਕਾਰੀ ਪੁਲਿਸ ਨੂੰ ਦੇਵੋ ਇਹ ਜਾਣਕਾਰੀ ਸਿਰਫ ਸਹਿਰ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਸੰਬੰਧੀ ਲਈ ਜਾਵੇਗੀ ਅੱਗੇ ਉਨਾਂ ਕਿਹਾ ਕਿ ਕੱਲ੍ਹ ਤੋਂ ਸਹਿਰ ਪਹਿਲਾਂ ਦੀ ਤਰ੍ਹਾਂ ਖੁਲਣਗੇ ਜੋ ਸਹਿਰ ਵਾਸੀਆਂ ਦੀਆਂ ਮੰਗਾਂ ਨੇ ਉਨਾਂ ਨੂੰ ਯਕੀਨੀ ਬਣਾਇਆ ਜਾਵੇਗਾ !

## ਇੱਕ ਨਜ਼ਰ ...



# 42 ਵਾਂ ਸਲਾਨਾ ਗੁਰਮਤਿ ਸਮਾਗਮ ਸੰਤ ਬਾਬਾ ਰੇਸ਼ਮ ਸਿੰਘ ਚੱਕਪੱਖੀ ਵਾਲਿਆਂ ਦੀ ਅਗਵਾਈ 'ਚ ਕਰਵਾਇਆ ਗਿਆ

## ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਪਤਨੀ ਨੇ ਭਰੀ ਹਾਜ਼ਰ

ਜੰਡਿਆਲਾ ਗੁਰੂ, 8 ਜੂਨ (ਕੁਲਵੰਤ ਸਿੰਘ ਵਿਰਦੀ )- 42 ਵਾਂ ਸਲਾਨਾ ਗੁਰਮਤਿ ਸਮਾਗਮ ਛਾਉਣੀ ਰੋਡ ਨੇੜੇ ਰੇਲਵੇ ਫਾਟਕ ਪਿੰਡ ਝਾਂਡੇ, ਲੁਧਿਆਣਾ ਵਿਖੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਤੇ ਸੰਤ ਮਹਾਂਪੁਰਸ਼ ਬਾਬਾ ਰੇਸ਼ਮ ਸਿੰਘ ਚੱਕਪੱਖੀ ਵਾਲਿਆਂ ਦੀ ਅਗਵਾਈ ਦੇ ਨਾਲ ਨਾਲ ਸੰਗਤਾਂ ਦੇ ਭਰਵੇਂ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ ਮਨਾਇਆ ਗਿਆ, ਲੜੀਵਾਰ ਅਖੰਡ ਪਾਠਾਂ ਦੇ ਭੋਗ ਪਾਏ ਗਏ, ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਤੇ ਕਥਾਵਾਚਕਾ ਤੋਂ ਇਲਾਵਾ ਕਈ ਸੰਤਾਂ ਮਹਾਪੁਰਸ਼ਾਂ ਵੱਲੋਂ ਵੀ ਹਾਜ਼ਰੀ ਲਵਾਈ ਗਈ, ਮੁੱਖ ਮੰਤਰੀ ਸ੍ ਭਗਵੰਤ ਮਾਨ ਦੀ ਧਰਮ ਪਤਨੀ ਬੀਬੀ ਹਰਪ੍ਰੀਤ ਕੌਰ ਮਾਨ ਤੇ ਸਥਾਨਕ ਐਮ ਐਲ ਏ ਬਾਘਾ ਪੁਰਾਣਾ ਵੱਲੋਂ ਵੀ ਵਿਸ਼ੇਸ਼ ਤੌਰ ਤੇ ਹਾਜ਼ਰੀ ਲਵਾਈ ਗਈ, ਸਮੂਹ ਧਾਰਮਿਕ ਬੁਲਾਰਿਆਂ ਤੇ ਹੋਰ ਮੁੱਖ ਸ਼ਖ਼ਸੀਅਤਾਂ ਦਾ ਮੁੱਖ ਪ੍ਰਬੰਧਕ ਸੰਤ ਮਹਾਂਪੁਰਸ਼ ਸੰਤ ਬਾਬਾ ਰੇਸ਼ਮ ਸਿੰਘ ਜੀ ਚੱਕਪੱਖੀ ਵਾਲਿਆਂ ਵੱਲੋਂ ਮਾਣ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਲਾਨਾ ਗੁਰਮਤਿ ਸਮਾਗਮ ਦੀਆਂ ਹਾਜ਼ਰੀਆਂ ਭਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਦੱਸਿਆ ਗੁਰਮਤਿ ਸਮਾਗਮ ਦੇ ਸਬੰਧ ਵਿੱਚ 29 ਮਈ ਤੋਂ ਗੁਰਦੁਆਰਾ ਸਾਹਿਬ ਵਿਖੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰੱਬੀ ਬਾਣੀ ਦੇ ਲੜੀਵਾਰ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ ਜਿਨ੍ਹਾਂ ਦੇ ਅੱਜ ਸੰਪੂਰਨ ਭੋਗ ਅਰਦਾਸ ਤੇ ਆਰਤੀ ਤੋਂ ਉਪਰੰਤ ਗੁਰੂ ਹਰ ਸਹਾਏ ਜਲਾਲਾਬਾਦ ਤੋਂ ਆਏ ਬਾਬਾ ਜੀ ਦੇ ਹਜ਼ੂਰੀ ਕੀਰਤਨੀ ਰਾਗੀ ਜਥੇ ਨੇ ਸ਼ਬਦ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਸੰਤ ਸਮਾਜ ਦੇ ਪ੍ਰਧਾਨ ਸੰਤ ਬਾਬਾ ਸ਼ਮਸ਼ੇਰ ਸਿੰਘ ਝੁਗੇੜੇ ਵਾਲਿਆਂ ਦੇ ਜਥੇ ਵੱਲੋਂ ਕਥਾ ਵਿਚਾਰ ਰਾਹੀਂ ਹਾਜ਼ਰੀ ਲਵਾਈ ਗਈ, ਮੁੱਖ ਮੰਤਰੀ ਪੰਜਾਬ ਦੀ ਧਰਮ ਪਤਨੀ ਬੀਬੀ ਹਰਪ੍ਰੀਤ ਕੌਰ ਮਾਨ ਨੇ ਬੋਲਦਿਆਂ ਮਾਤਾਵਾਂ ਨੂੰ ਬੇਨਤੀ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਘਰਾਂ ਵਿੱਚ ਗੁਰਬਾਣੀ ਆਦਿ ਜੋੜਨ ਦੀ ਲੋੜ ਤੇ ਜ਼ੋਰ ਦੇਣ, ਮੁੱਖ ਪ੍ਰਬੰਧਕ ਸੰਤ ਬਾਬਾ ਰੇਸ਼ਮ ਸਿੰਘ ਜੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਸਮਸੇਰ ਸਿੰਘ ਜੋਗੇੜੇ ਵਾਲਿਆਂ ਵੱਲੋਂ ਬੀਬੀ ਹਰਪ੍ਰੀਤ ਕੌਰ ਮਾਨ ਪਤਨੀ ਮੁੱਖ ਮੰਤਰੀ ਪੰਜਾਬ ਸ੍ ਭਗਵੰਤ ਸਿੰਘ ਮਾਨ ਅਤੇ ਬਾਬਾ ਜੀ ਪ੍ਰਵਾਰਕ ਰਿਸ਼ਤੇ ਦਾਰ ਤੇ ਬਾਬਾ ਪੁਰਾਣਾ ਤੋਂ ਆਪ ਵਿਧਾਇਕ ਸ੍ ਅੰਮ੍ਰਿਤ ਪਾਲ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ, ਇਸ ਮੌਕੇ ਤੇ ਸੰਤ ਰੇਸ਼ਮ ਸਿੰਘ ਚੱਕਪੱਖੀ ਵਾਲਿਆਂ ਤੋਂ ਇਲਾਵਾ ਸੰਤ ਸਮਸੇਰ ਸਿੰਘ ਜੋਗੇੜੇ ਵਾਲੇ,ਸੰਤ ਮਹਿੰਦਰ ਸਿੰਘ ਮੋਗੇ ਵਾਲੇ, ਬਾਬਾ ਪਿਆਰਾ ਸਿੰਘ ਹਸਨਪੁਰ, ਜਥੇਦਾਰ ਰਣਜੀਤ ਸਿੰਘ ਲੋਹਟਬੱਦੀ, ਭਾਈ ਮਨਜੀਤ ਸਿੰਘ,ਸ, ਬਿੰਦਰ ਸਿੰਘ , ਸ੍ ਅੰਮ੍ਰਿਤ ਪਾਲ ਸਿੰਘ ਐਮ ਐਲ ਏ ਬਾਘਾ ਪੁਰਾਣਾ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ, ਹੀਰਾ ਸਿੰਘ ਗੰਨਮੈਨ,ਸ,ਗੋਲੋ, ਗੁਰਪ੍ਰੀਤ ਗਰੇਵਾਲ, ਸ੍ ਅਵਤਾਰ ਸਿੰਘ, ਸ੍ ਦਰਬਾਰਾ ਸਿੰਘ, ਸ੍ ਗੁਰਚਰਨ ਸਿੰਘ ਤੇ ਵਿਕਾਸ ਗੋਲ ਤੋਂ ਇਲਾਵਾ ਸੈਂਕੜੇ ਸੰਤ ਮਹਾਂਪੁਰਸ਼ ਤੇ ਹਜ਼ਾਰਾਂ ਸੰਗਤਾਂ ਹਾਜ਼ਰ ਸਨ ਇਸ ਮੌਕੇ ਆਈਆਂ ਸੰਗਤਾਂ ਨੂੰ ਜਿਥੇ ਧਾਰਮਿਕ ਬੁਲਾਰਿਆਂ ਵਲੋਂ ਗੁਰਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਾਲ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਿਆ ਗਿਆ, ਉਥੇ ਸੰਗਤਾਂ ਲਈ ਨਾਨਾ ਪ੍ਰਕਾਰ ਦੇ ਭੋਜਨ ਠੰਡੇ ਮਿੱਠੇ ਜਲ,ਕੋਕ ਆਦਿ ਦੇ ਲੰਗਰ ਅਟੁੱਟ ਵਰਤਾਏ ਗਏ ਬਾਬਾ ਜੀ ਸ੍ਰੀ ਮਾਨ ਸੰਤ ਰੇਸ਼ਮ ਸਿੰਘ ਚੱਕਪੱਖੀ ਵੱਲੋਂ ਸਮੂਹ ਆਈਆਂ ਨੂੰ ਆਇਆ ਆਖਿਆ ਅਤੇ ਨਾਮ ਅਭਿਆਸ ਕਰਨ ਦੀ ਸਿੱਖਿਆ ਦਿੱਤੀ ।

# ਲੁਧਿਆਣਾ ਪੱਛਮੀ ਤੋਂ ਕਾਂਗਰਸ ਦੇ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਦੇ ਹੱਕ 'ਚ ਕੀਤਾ ਪ੍ਰਚਾਰ



ਜੰਡਿਆਲਾ ਗੁਰੂ, 8 ਜੂਨ ( ਕੁਲਵੰਤ ਸਿੰਘ ਵਿਰਦੀ)- ਲੁਧਿਆਣਾ ਦੇ ਵਿਧਾਨ ਸਭਾ ਹਲਕਾ ਪੱਛਮੀ ਵਿੱਚ ਚੋਣਾਂ ਦਾ ਬਿਗਲ ਵੱਜ ਚੁੱਕਾ ਹੈ ਤੇ 19 ਤਰੀਕ ਨੂੰ ਵੋਟਾਂ ਪੈਣੀਆਂ ਨੇ ਤੇ ਹਰ ਪਾਰਟੀ ਆਪੋ ਆਪਣੇ ਨੁਮਾਇੰਦਿਆਂ ਲਈ ਚੋਣ ਪ੍ਰਚਾਰ ਕਰਨ ਤੇ ਲੱਗੀ ਹੈ। ਤੇ ਕਾਂਗਰਸ ਪਾਰਟੀ ਨੇ ਸਾਬਕਾ ਕੈਬਨਟ ਮੰਤਰੀ ਸ੍ਰੀ ਭਾਰਤ ਭੂਸ਼ਣ ਆਸੂ ਜੀ ਨੂੰ ਵਿਧਾਨ ਸਭਾ ਹਲਕਾ ਪੱਛਮੀ ਤੋਂ ਉਮੀਦਵਾਰ ਐਲਾਨਿਆ ਹੈ ਕਾਂਗਰਸ ਪਾਰਟੀ ਦੇ ਉਮੀਦਵਾਰ ਦੇ ਲਈ ਚੋਣ ਪ੍ਰਚਾਰ ਦੇ ਲਈ ਪਹੁੰਚੇ ਪਟਿਆਲਾ ਦੇ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਸਿੰਘ ਗਾਂਧੀ ਤੇ ਪੰਜਾਬ ਕਾਂਗਰਸ ਓਬੀਸੀ ਦੇ ਪ੍ਰਧਾਨ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਗੱਲਬਾਤ ਕਰਦੇ ਹੋਏ ਉਹਨਾਂ ਦੱਸਿਆ ਕਿ ਬਦਲਾਵ ਦੇ ਨਾਮ ਤੇ ਆਈ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ ਤੇ ਲੁਧਿਆਣਾ ਪੱਛਮੀ ਦੀ ਚੋਣ ਕਾਂਗਰਸ ਪਾਰਟੀ ਦੇ ਉਮੀਦਵਾਰ ਬੜੀ ਵੱਡੀ ਲੀਡ ਨਾਲ ਜਿੱਤਣਗੇ ਕਿਉਂਕਿ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਭਾਰਤ ਭੂਸ਼ਣ ਆਸ਼ੂ ਨੂੰ ਹੀ ਆਪਣੀ ਇੱਕ ਇੱਕ ਕੀਮਤੀ ਵੋਟ ਪਾ ਕੇ ਵਿਧਾਨ ਸਭਾ ਵਿੱਚ ਭੇਜਣਾ ਹੈ। ਇਸ ਮੌਕੇ ਤੇ ਹਾਜ਼ਰ ਸਾਬਕਾ ਕੌਂਸਲਰ ਬਲਦੇਵ ਸਿੰਘ ਸੰਧੂ ਜਸਪਾਲ ਸਿੰਘ ਸੁਲਤਾਨਵਿੰਡ ਅੰਮ੍ਰਿਤਪਾਲ ਸਿੰਘ ਸਕੱਤਰ ਸਿੰਘ ਜੋਬਨਜੀਤ ਸਿੰਘ ਰਾਜਵਿੰਦਰ ਸਿੰਘ ਆਦੀ ਹਾਜ਼ਰ ਸਨ।















ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਵਿਖੇ ਅੱਜ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਹਾਜ਼ਰੀ ਭਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਹਾਜ਼ਰ ਸਿੱਖ ਸੰਗਤਾਂ, ਸਨਮਾਨਿਤ ਕਰਦੇ ਪ੍ਰਬੰਧਕ। ਯਾਦਗਾਰੀ ਤਸਵੀਰਾਂ

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਜੂਨ 1984 ਦੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਮਾਗਮ 11 ਜੂਨ ਨੂੰ: ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ

ਫ਼ਿਰੋਜ਼ਪੁਰ, 8 ਜੂਨ (ਮਨੋਹਰ ਲਾਲ) : ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਜੂਨ 1984 ਦੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਮਾਗਮ 11 ਜੂਨ ਨੂੰ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਦੱਸਿਆ ਕਿ ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਜੂਨ 1984 ਦੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਮਾਗਮ 11 ਜੂਨ 2025 ਦਿਨ ਬੁੱਧਵਾਰ (ਪੂਰਨਮਾਸੀ ਵਾਲੇ ਦਿਨ ਸਵੇਰੇ 10 ਵਜੇ ਤੋਂ 2 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਦੱਸਿਆ ਕਿ ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਰਾਗੀ, ਢਾਡੀ, ਕਵੀਸ਼ਰੀ ਅਤੇ ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਇਸ ਮੌਕੇ ਤੇ ਭਾਈ ਇਕਬਾਲ ਸਿੰਘ ਲੰਗੇਆਣਾ ਵਾਲੇ, ਭਾਈ ਸਰਬਜੀਤ ਸਿੰਘ ਜੀ ਕਾਕਾ ਫਰੀਦਕੋਟ ਵਾਲੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੇ ਠੰਡੇ—ਮਿੱਠੇ ਜਲ ਦੀ ਛਬੀਲ ਅਤੇ ਚਾਹ ਦਾ ਲੰਗਰ ਅਟੁੱਟ ਵਰਤਾਏ ਜਾਣਗੇ।





# 67.84 ਕਰੋੜ ਰੁਪਏ ਦੀ ਰਾਹਤ ਮਹਿਜ਼ ਮੁਆਫੀ ਨਹੀਂ ਸਗੋਂ ਅਨੁਸੂਚਿਤ ਜਾਤੀ ਭਾਈਚਾਰੇ ਦੇ ਪਰਿਵਾਰਾਂ ਦੇ ਸੰਘਰਸ਼ ਪ੍ਰਤੀ ਸਤਿਕਾਰ ਦਾ ਪ੍ਰਗਟਾਵਾ: ਮੁੱਖ ਮੰਤਰੀ

- ਕਰਜ਼ੇ 'ਤੇ ਲੀਕ ਫੇਰ ਕੇ ਮਾਣ-ਸਤਿਕਾਰ ਬਹਾਲ ਕੀਤਾ, 'ਆਪ' ਸਰਕਾਰ ਨੇ ਐਸ.ਸੀ. ਭਾਈਚਾਰੇ ਦਾ ਜੀਵਨ ਪੱਧਰ ਸੰਵਾਰਨ ਲਈ ਨਵਾਂ ਅਧਿਆਏ ਲਿਖਿਆ
- ਹੁਣ ਕਿਸੇ ਦਾ ਸ਼ੋਸ਼ਣ ਨਹੀਂ ਹੁੰਦਾ ਸਗੋਂ ਬਰਾਬਰੀ ਅਤੇ ਵੱਧ ਅਧਿਕਾਰ ਦਿੱਤੇ ਜਾ ਰਹੇ ਹਨ-ਮਾਨ ਸਰਕਾਰ ਨੇ ਡਾ. ਅੰਬੇਦਕਰ ਦੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲਿਆ















ਅੰਮ੍ਰਿਤਸਰ, 8 ਜੂਨ (ਆਵਾਜ਼ਿ ਕੌਮ ਬਿਊਰੋ )- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਕਮਜ਼ੋਰ ਅਤੇ ਪੱਛੜੇ ਵਰਗਾਂ ਦੀ ਭਲਾਈ ਲਈ ਸੁਹਿਰਦਤਾ ਨਾਲ ਜੁਟੀ ਹੋਈ ਹੈ ਅਤੇ ਇਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਅੱਜ ਇੱਥੇ ਲਾਭਪਾਤਰੀਆਂ ਨੂੰ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਸੌਂਪਣ ਲਈ ਕਰਵਾਏ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਆਮ ਆਦਮੀ ਨੂੰ ਹੋਰ ਵਧੇਰੇ ਸਮਰੱਥ ਬਣਾਉਣ ਲਈ ਮਿਸ਼ਨਰੀ ਭਾਵਨਾ ਨਾਲ ਲੋਕਾਂ ਦੀ ਸੇਵਾ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਆਪਣੀ ਕਲਮ ਦੀ ਵਰਤੋਂ ਸਮਾਜ ਦੇ ਲੋੜਵੰਦ ਅਤੇ ਪੱਛੜੇ ਵਰਗਾਂ ਦੀ ਮਦਦ ਲਈ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੀ ਵੱਧ ਤੋਂ ਵੱਧ ਭਲਾਈ ਨੂੰ ਯਕੀਨੀ ਬਣਾ ਰਹੀ ਹੈ ਤਾਂ ਜੋ ਸਮਾਜ ਦੇ ਹਰ ਵਰਗ ਨੂੰ ਇਸ ਦਾ ਲਾਭ ਮਿਲ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਅਮੀਰ ਲੋਕਾਂ ਦੇ ਕਰਜ਼ੇ ਮੁਆਫ਼ ਕੀਤੇ ਜਾਂਦੇ ਸਨ ਜਦਕਿ ਗਰੀਬ ਲੋਕਾਂ ਦੀ ਭਲਾਈ ਦੀ ਕੋਈ ਪ੍ਰਵਾਹ ਨਹੀਂ ਕੀਤੀ ਜਾਂਦੀ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸੂਬੇ ਦੇ ਪੱਛੜੇ ਤੇ ਕਮਜ਼ੋਰ ਵਰਗਾਂ ਨੂੰ ਇਹ ਰਾਹਤ ਮਿਲੀ ਹੈ। ਉਨ੍ਹਾਂ ਕਿਹਾ ਕਿ ਇਹ ਇਸ ਕਰਕੇ ਸੰਭਵ ਹੋਇਆ ਹੈ ਕਿਉਂਕਿ ਪਹਿਲੀ ਵਾਰ ਸੂਬੇ ਦਾ ਬਜਟ ਆਮ ਆਦਮੀ ਦੀ ਭਲਾਈ ਲਈ ਰੱਖਿਆ ਗਿਆ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਰਕਾਰੀ ਖਜ਼ਾਨੇ ਦਾ ਇੱਕ-ਇੱਕ ਪੈਸਾ ਜਨਤਕ ਭਲਾਈ 'ਤੇ ਖਰਚ ਕਰ ਰਹੀ ਹੈ। ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸੂਬਾ ਸਰਕਾਰ ਸਿੱਖਿਆ ਖੇਤਰ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ ਕਿਉਂਕਿ ਇਸ ਨਾਲ ਕਮਜ਼ੋਰ ਅਤੇ ਪੱਛੜੇ ਵਰਗਾਂ ਦੀ ਭਲਾਈ ਲਈ ਨਵੇਂ ਰਾਹ ਖੁੱਲ੍ਹਦੇ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਹਰੇਕ ਵਿਅਕਤੀ ਦੀ



ਸਫਲਤਾ ਲਈ ਕੁੰਜੀ ਹੈ ਅਤੇ ਸੂਬੇ ਦੇ ਹਰੇਕ ਨੌਜਵਾਨ ਲਈ ਮਿਆਰੀ ਸਿੱਖਿਆ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਕੋਲ ਸੂਬੇ ਵਿੱਚ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ।ਮੁੱਖ ਮੰਤਰੀ ਨੇ ਕਿਹਾ ਕਿ 67.84 ਕਰੋੜ ਰੁਪਏ ਦੀ ਕਰਜ਼ਾ ਮੁਆਫੀ ਨਾਲ ਤਕਰੀਬਨ 4800 ਪਰਿਵਾਰਾਂ ਨੂੰ ਲਾਭ ਮਿਲਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਤੇ ਵਿੱਤ ਨਿਗਮ (ਪੀ.ਐਸ.ਸੀ.ਐਫ.ਸੀ.) ਵੱਲੋਂ 31 ਮਾਰਚ, 2020 ਤੱਕ ਵੰਡੇ ਗਏ ਕਰਜ਼ਿਆਂ 'ਤੇ ਲੀਕ ਫੇਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਹ ਮੁਆਫ਼ੀ ਪੀ.ਐਸ.ਸੀ.ਐਫ.ਸੀ. ਦੁਆਰਾ ਉਪਰੋਕਤ ਮਿਤੀ ਤੱਕ ਵੰਡੇ ਗਏ ਸਾਰੇ ਕਰਜ਼ਿਆਂ ਲਈ ਹੈ ਜਿਸ ਨਾਲ ਐਸ.ਸੀ. ਭਾਈਚਾਰਾ ਅਤੇ ਦਿਵਿਆਂਗ ਵਰਗ ਦੇ ਕਰਜ਼ਦਾਰਾਂ ਨੂੰ ਅਤਿ ਲੋੜੀਂਦੀ ਰਾਹਤ ਮਿਲੀ ਹੈ। ਇਸ ਕਦਮ ਨਾਲ ਕੁੱਲ 4,727 ਕਰਜ਼ਦਾਰਾਂ ਨੂੰ 67.84 ਕਰੋੜ ਰੁਪਏ ਦੀ ਕੁੱਲ ਰਕਮ ਦਾ ਲਾਭ ਹੋਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੁੱਲ 4,727 ਕਰਜ਼ਦਾਰ ਸਨ ਜਿਨ੍ਹਾਂ ਵਿੱਚ 4,685 ਡਿਫਾਲਟ ਕਰਜ਼ਦਾਰ ਅਤੇ 42 ਰੈਗੂਲਰ ਕਰਜ਼ਦਾਰ ਹਨ, ਇਸ ਕਰਜ਼ਾ ਮੁਆਫ਼ੀ ਯੋਜਨਾ ਹੇਠ ਆਉਣਗੇ।ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ 'ਕੋਈ ਇਤਰਾਜ਼ ਨਹੀਂ' ਸਰਟੀਫਿਕੇਟ (ਨੋ ਡਿਊ ਸਰਟੀਫਿਕੇਟ) ਜਾਰੀ ਕੀਤੇ ਜਾਣਗੇ। ਬੁਲਾਰੇ ਨੇ ਅੱਗੇ ਦੱਸਿਆ ਕਿ 30 ਅਪ੍ਰੈਲ, 2025 ਤੱਕ ਗਿਣਿਆ ਗਿਆ ਮੂਲ, ਵਿਆਜ ਅਤੇ ਦੰਡ ਵਿਆਜ ਸਮੇਤ ਬਣਦੀ 67.84 ਕਰੋੜ ਦੀ ਪੂਰੀ ਰਕਮ ਸੂਬਾ ਸਰਕਾਰ ਵੱਲੋਂ ਪੀ.ਐਸ.ਸੀ.ਐਫ.ਸੀ. ਨੂੰ ਵਾਪਸ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਮਹੱਤਵਪੂਰਨ ਗੱਲ ਇਹ ਹੈ ਕਿ ਜਿਨ੍ਹਾਂ ਕਰਜ਼ਦਾਰਾਂ ਨੇ ਪਹਿਲਾਂ ਵੀ ਕਰਜ਼ਾ ਮੁਆਫੀ ਸਕੀਮਾਂ ਲਾਭ ਪ੍ਰਾਪਤ ਕੀਤਾ ਹੈ, ਉਹ ਵੀ ਇਸ ਮੁਆਫੀ ਸਕੀਮ ਦਾ ਲਾਭ ਲੈਣ ਲਈ ਯੋਗ ਮੰਨੇ ਜਾਣਗੇ। ਉਨ੍ਹਾਂ ਕਿਹਾ ਕਿ ਕਰਜ਼ਾ ਮੁਆਫੀ ਤੋਂ ਬਾਅਦ ਪੀ.ਐਸ.ਸੀ.ਐਫ.ਸੀ. ਦੇ ਨਿਯਮਾਂ ਤਹਿਤ ਕਰਜ਼ਾ ਲੈਣ ਵਾਲਿਆਂ ਵਿਰੁੱਧ ਰਿਕਵਰੀ ਲਈ ਕੋਈ ਕਾਰਵਾਈ ਸ਼ੁਰੂ ਨਹੀਂ ਕੀਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੱਟ-ਆਫ ਮਿਤੀ ਤੱਕ ਉਨ੍ਹਾਂ ਦੇ ਖਾਤਿਆਂ ਨੂੰ ਪੂਰੀ ਤਰ੍ਹਾਂ ਸੈਟਲ ਮੰਨਿਆ ਜਾਵੇਗਾ। ਮੁੱਖ ਮੰਤਰੀ ਨੇ ਇਹ ਪਰਿਵਾਰ ਘਰ ਦੇ ਕਮਾਊ ਜੀਅ ਦਾ ਦੇਹਾਂਤ ਹੋ ਜਾਣ, ਲੰਬੀ ਬਿਮਾਰੀ ਕਾਰਨ ਸਾਰੀ ਬੱਚਤ ਖਤਮ ਹੋ ਜਾਣ ਜਾਂ ਆਮਦਨ ਦਾ ਕੋਈ ਹੋਰ ਵਸੀਲਾ ਨਾ ਹੋਣ ਵਰਗੀਆਂ ਪ੍ਰਸਥਿਤੀਆਂ ਕਾਰਨ ਆਪਣੇ ਕਰਜ਼ੇ ਵਾਪਸ ਨਹੀਂ ਕਰ ਸਕੇ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਮੰਨਣਾ ਹੈ ਕਿ ਅਜਿਹੇ ਲੋਕਾਂ ਤੋਂ ਇਸ ਕਰਜ਼ੇ ਦੀ ਵਸੂਲੀ ਕਰਨਾ ਸਰਾਸਰ ਬੇਇਨਸਾਫ਼ੀ ਹੈ ਜਿਸ ਕਰਕੇ ਕਰਜ਼ਾ ਮੁਆਫ ਕਰਨ ਦਾ ਫੈਸਲਾ ਕੀਤਾ ਗਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਕ ਵਾਰ ਫਿਰ ਇਹ ਸਾਬਤ ਕਰ ਦਿੱਤਾ ਹੈ ਕਿ ਉਹ ਸਿਰਫ਼ ਵਾਅਦੇ ਹੀ ਨਹੀਂ ਕਰਦੇ ਸਗੋਂ ਉਨ੍ਹਾਂ ਨੂੰ ਪੂਰਾ ਵੀ ਕਰਦੇ ਹਨ ਜਦਕਿ ਪਿਛਲੀਆਂ ਸਰਕਾਰਾਂ ਨੇ ਅਨੁਸੂਚਿਤ ਜਾਤੀ ਭਾਈਚਾਰੇ ਨੂੰ ਸਿਰਫ਼ ਵੋਟ ਬੈਂਕ ਵਜੋਂ ਵਰਤਿਆ ਹੈ।ਉਨ੍ਹਾਂ ਕਿਹਾ ਕਿ ਆਪ ਸਰਕਾਰ ਅਨੁਸੂਚਿਤ ਜਾਤੀ ਭਾਈਚਾਰੇ ਦੇ ਪਰਿਵਾਰਾਂ ਦੇ ਦੁੱਖ-ਦਰਦ ਨੂੰ ਸਮਝਦੀ ਹੈ ਅਤੇ ਉਨ੍ਹਾਂ ਨੂੰ ਹਮੇਸ਼ਾ ਬਰਾਬਰਤਾ, ਬਣਦੇ ਹੱਕ ਅਤੇ ਮਾਣ-ਸਤਿਕਾਰ ਦਿੱਤਾ ਹੈ। ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਡਾ. ਬਲਜੀਤ ਕੌਰ, ਹਰਭਜਨ ਸਿੰਘ ਈ.ਟੀ.ਓ., ਲਾਲ ਚੰਦ ਕਟਾਰੂਚੱਕ ਅਤੇ ਕੁਲਦੀਪ ਸਿੰਘ ਧਾਲੀਵਾਲ ਤੋਂ ਇਲਾਵਾ ਹੋਰ ਸਖਸ਼ੀਅਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV